ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 27 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੪ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸ਼ਰਧਾਲੂਆਂ ਨਾਲ ਭਰਿਆ ਟਰੱਕ ਪਲਟਿਆ, 40 ਤੋਂ ਵੱਧ ਲੋਕ ਸਨ ਸਵਾਰ

**ਚੰਡੀਗੜ੍ਹ , 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਜ਼ਿਲ੍ਹੇ 'ਚ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ ਹੈ, ਜਿੱਥੇ ਜਵਾਲਾਜੀ ਮਾਤਾ ਮੰਦਰ ਦੇ ਦਰਸ਼ਨ ਕਰ ਕੇ ਵਾਪਸ ਪੰਜਾਬ ਪਰਤ ਰਹੇ ਸ਼ਰਧਾਲੂਆਂ ਨਾਲ ਭਰਿਆ ਇੱਕ ਟਰੱਕ ਬੇਕਾਬੂ ਹੋ ਕੇ ਪਲਟ ਗਿਆ। ਇਹ ਹਾਦਸਾ ਦੇਹਰਾ ਦੇ ਨਜ਼ਦੀਕ ਪੈਂਦੇ ਪਿੰਡ ਧਵਾਲਾ 'ਚ ਵਾਪਰਿਆ ਹੈ।ਜਾਣਕਾਰੀ ਅਨੁਸਾਰ ਟਰੱਕ 'ਚ ਸਵਾਰ ਸਾਰੇ ਯਾਤਰੀ ਪੰਜਾਬ ਦੇ ਮਲੋਟ ਦੇ ਰਹਿਣ ਵਾਲੇ ਦੱਸੇ ਜਾ ਰਹੇ ਹਨ। ਇਸ ਹਾਦਸੇ 'ਚ ਲਗਭਗ 35 ਤੋਂ 40 ਯਾਤਰੀ ਜ਼ਖਮੀ ਹੋਏ ਹਨ।ਘਟਨਾ ਦੀ ਜਾਣਕਾਰੀ ਮਿਲਦੇ ਹੀ ਸਥਾਨਕ ਪ੍ਰਸ਼ਾਸਨ ਤੇ ਪੁਲਸ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚ ਗਈ ਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕੀਤੇ ਗਏ।ਸਾਰੇ ਜ਼ਖਮੀਆਂ ਨੂੰ ਇਲਾਜ ਲਈ ਤੁਰੰਤ ਸਿਵਲ ਹਸਪਤਾਲ ਦੇਹਰਾ ਪਹੁੰਚਾਇਆ ਗਿਆ ਹੈ।ਹਸਪਤਾਲ ਪ੍ਰਸ਼ਾਸਨ ਅਨੁਸਾਰ ਗੰਭੀਰ ਰੂਪ 'ਚ ਜ਼ਖਮੀ ਹੋਏ ਯਾਤਰੀਆਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਉੱਚ ਕੇਂਦਰਾਂ (ਹੋਰ ਵੱਡੇ ਹਸਪਤਾਲਾਂ) 'ਚ ਰੈਫਰ ਕੀਤਾ ਜਾ ਸਕਦਾ ਹੈ। ਪੁਲਸ ਪ੍ਰਸ਼ਾਸਨ ਅਜੇ ਜ਼ਖਮੀਆਂ ਦੀ ਸਹੀ ਗਿਣਤੀ ਤੇ ਉਨ੍ਹਾਂ ਦੀ ਹਾਲਤ ਬਾਰੇ ਅਧਿਕਾਰਤ ਪੁਸ਼ਟੀ ਕਰਨ 'ਚ ਜੁਟਿਆ ਹੋਇਆ ਹੈ। ਸਥਾਨਕ ਪੁਲਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ ਕਿ ਦੁਰਘਟਨਾ ਦੇ ਪਿੱਛੇ ਕੋਈ ਤਕਨੀਕੀ ਖਰਾਬੀ ਸੀ ਜਾਂ ਇਹ ਡਰਾਈਵਰ ਦੀ ਲਾਪਰਵਾਹੀ ਕਾਰਨ ਵਾਪਰੀ ਹੈ। ਫਿਲਹਾਲ ਪ੍ਰਸ਼ਾਸਨ ਦਾ ਮੁੱਖ ਧਿਆਨ ਜ਼ਖਮੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਕੇਂਦਰਿਤ ਹੈ।

### ਪ੍ਰਧਾਨ ਮੰਤਰੀ ਮੋਦੀ ਨੇ ਸੱਦ ਲਈ ਸਾਰੇ ਸੂਬਿਆਂ ਦੇ ਮੁੱਖ ਮੰਤਰੀਆਂ ਦੀ ਬੈਠਕ

# ਵੱਡੇ ਐਲਾਨ ਦੀ ਤਿਆਰੀ !

**ਨਵੀਂ ਦਿੱਲੀ, 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਿਡਲ ਈਸਟ ਵਿੱਚ ਚੱਲ ਰਹੀ ਜੰਗ ਕਾਰਨ ਪੈਦਾ ਹੋਏ ਵਿਸ਼ਵਵਿਆਪੀ ਸੰਕਟ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਭਲਕੇ ਸ਼ੁੱਕਰਵਾਰ ਸ਼ਾਮ ਨੂੰ ਦੇਸ਼ ਦੇ ਸਾਰੇ ਸੂਬਿਆਂ ਦੇ ਮੁੱਖ ਮੰਤਰੀਆਂ ਨਾਲ ਇੱਕ ਅਹਿਮ ਬੈਠਕ ਕਰਨਗੇ। ਇਹ ਬੈਠਕ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਾਮ



6:30 ਵਜੇ ਹੋਵੇਗੀ, ਜਿਸ ਵਿੱਚ ਜੰਗ ਦੇ ਹਾਲਾਤ ਅਤੇ ਸੂਬਿਆਂ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਜਾਵੇਗੀ। ਸੂਤਰਾਂ ਅਨੁਸਾਰ, ਇਸ ਬੈਠਕ ਦਾ ਮੁੱਖ ਉਦੇਸ਼ 'ਟੀਮ ਇੰਡੀਆ' ਦੀ ਭਾਵਨਾ ਤਹਿਤ ਕੇਂਦਰ ਅਤੇ ਸੂਬਿਆਂ ਵਿਚਕਾਰ ਆਪਸੀ ਤਾਲਮੇਲ ਯਕੀਨੀ ਬਣਾਉਣਾ ਹੈ। ਬੈਠਕ ਵਿੱਚ ਰਾਜਾਂ ਦੀਆਂ ਭਵਿੱਖੀ ਯੋਜਨਾਵਾਂ 'ਤੇ ਚਰਚਾ ਕੀਤੀ ਜਾਵੇਗੀ ਤਾਂ ਜੋ ਦੇਸ਼ ਵਿੱਚ ਕਿਸੇ ਵੀ ਤਰ੍ਹਾਂ ਦੇ ਪੈਨਿਕ (ਡਰ) ਨੂੰ ਰੋਕਿਆ ਜਾ ਸਕੇ। ਜ਼ਿਕਰਯੋਗ ਹੈ ਕਿ ਚੋਣ ਜ਼ਾਬਤਾ ਲਾਗੂ ਹੋਣ ਕਾਰਨ ਚੋਣਾਂ ਵਾਲੇ ਰਾਜਾਂ ਦੇ ਮੁੱਖ ਮੰਤਰੀ ਇਸ ਬੈਠਕ ਵਿੱਚ ਸ਼ਾਮਲ ਨਹੀਂ ਹੋਣਗੇ; ਉਨ੍ਹਾਂ ਰਾਜਾਂ ਦੇ ਮੁੱਖ ਸਕੱਤਰਾਂ ਨਾਲ ਕੈਬਨਿਟ ਸਕੱਤਰੇਤ ਰਾਹੀਂ ਵੱਖਰੀ ਗੱਲਬਾਤ ਕੀਤੀ ਜਾਵੇਗੀ। ਪ੍ਰਧਾਨ ਮੰਤਰੀ ਨੇ ਪਹਿਲਾਂ ਹੀ ਸੂਬਾ ਸਰਕਾਰਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਮੌਜੂਦਾ ਸਥਿਤੀ ਦਾ ਫਾਇਦਾ ਉਠਾਉਣ ਵਾਲੇ ਜਮ੍ਹਾਖੋਰਾਂ ਅਤੇ ਕਾਲਾ ਬਾਜ਼ਾਰੀ ਕਰਨ ਵਾਲਿਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਸੰਕਟ ਦੇ ਸਮੇਂ ਆਮ ਜਨਤਾ ਨੂੰ ਮਹਿੰਗਾਈ ਤੋਂ ਬਚਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਰਾਜਾਂ ਨੂੰ ਜ਼ਰੂਰੀ ਵਸਤਾਂ ਦੀ ਨਿਰੰਤਰ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ। ਜੰਗ ਦੇ ਪ੍ਰਭਾਵਾਂ ਨਾਲ ਨਜਿੱਠਣ ਲਈ ਸਰਕਾਰ ਨੇ ਤੇਲ ਅਤੇ ਗੈਸ ਦੀ ਸਪਲਾਈ ਯਕੀਨੀ ਬਣਾਉਣ ਲਈ 'ਮੇਡ ਇਨ ਇੰਡੀਆ' ਜਹਾਜ਼ਾਂ ਅਤੇ ਸਟੋਰੇਜ ਸਮਰੱਥਾ ਨੂੰ ਮਜ਼ਬੂਤ ਕਰਨ ਦਾ ਰੋਡਮੈਪ ਤਿਆਰ ਕੀਤਾ ਹੈ। ਪੀਐਮ ਮੋਦੀ ਨੇ ਭਾਰਤੀ ਅਰਥਵਿਵਸਥਾ ਦੀ ਮਜ਼ਬੂਤੀ 'ਤੇ ਭਰੋਸਾ ਜਤਾਉਂਦਿਆਂ ਕਿਹਾ ਕਿ ਜੰਗ ਦੇ ਪ੍ਰਭਾਵਾਂ ਨਾਲ ਨਜਿੱਠਣ ਲਈ ਇੱਕ 'ਇੰਟਰ-ਮਿਨੀਸਟਰੀਅਲ ਗਰੁੱਪ' ਦਾ ਗਠਨ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਘਰੇਲੂ ਗੈਸ ਦੀ ਸਪਲਾਈ ਸੁਚਾਰੂ ਰੱਖਣ ਲਈ ਐਲਪੀਜੀ ਦੇ ਨਾਲ-ਨਾਲ ਪੀਐਨਜੀ ਦੀ ਵਰਤੋਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

## 'ਨੋ ਟਰਨਿੰਗ ਬੈਕ' ਟਰੰਪ ਦਾ ਈਰਾਨ ਨੂੰ ਆਖਰੀ ਅਲਟੀਮੇਟਮ !

**ਵਾਸ਼ਿੰਗਟਨ, 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨੀ ਲੀਡਰਸ਼ਿਪ ਨੂੰ ਇੱਕ ਬੇਹੱਦ ਸਖ਼ਤ ਅਤੇ ਅੰਤਿਮ ਚੇਤਾਵਨੀ ਦਿੱਤੀ ਹੈ। ਟਰੰਪ ਨੇ ਦਾਅਵਾ ਕੀਤਾ ਹੈ ਕਿ ਈਰਾਨੀ ਵਾਰਤਾਕਾਰ ਅੰਦਰਖਾਤੇ ਸਮਝੌਤੇ ਲਈ "ਤਰਲੇ" ਪਾ ਰਹੇ ਹਨ, ਜਦਕਿ ਜਨਤਕ ਤੌਰ 'ਤੇ ਉਹ ਵੱਖਰਾ ਰੁਖ਼ ਦਿਖਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਰਾਸ਼ਟਰਪਤੀ ਟਰੰਪ ਨੇ ਈਰਾਨੀ ਵਾਰਤਾਕਾਰਾਂ ਨੂੰ "ਅਜੀਬ" ਦੱਸਦਿਆਂ ਕਿਹਾ ਕਿ ਉਹ ਇੱਕ ਸਮਝੌਤਾ ਕਰਨ ਲਈ ਮਿੰਨਤਾਂ ਕਰ ਰਹੇ ਹਨ। ਉਨ੍ਹਾਂ ਮੁਤਾਬਕ ਇਹ



ਇਸ ਲਈ ਹੈ ਕਿਉਂਕਿ ਈਰਾਨ ਫੌਜੀ ਤੌਰ 'ਤੇ ਪੂਰੀ ਤਰ੍ਹਾਂ "ਤਬਾਹ" ਹੋ ਚੁੱਕਾ ਹੈ ਅਤੇ ਉਸ ਦੇ ਵਾਪਸੀ ਕਰਨ ਦੀ ਕੋਈ ਸੰਭਾਵਨਾ ਨਹੀਂ ਬਚੀ ਹੈ। ਟਰੰਪ ਨੇ ਈਰਾਨ ਦੇ ਉਨ੍ਹਾਂ ਜਨਤਕ ਬਿਆਨਾਂ ਨੂੰ ਗਲਤ ਕਰਾਰ ਦਿੱਤਾ ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਉਹ ਸਿਰਫ਼ ਅਮਰੀਕੀ ਪ੍ਰਸਤਾਵ 'ਤੇ "ਵਿਚਾਰ" ਕਰ ਰਹੇ ਹਨ। ਈਰਾਨ ਨੂੰ ਸਿੱਧੀ ਚੇਤਾਵਨੀ ਦਿੰਦਿਆਂ ਟਰੰਪ ਨੇ ਕਿਹਾ ਕਿ ਉਨ੍ਹਾਂ ਨੂੰ ਬਹੁਤ ਜਲਦੀ ਗੰਭੀਰ ਹੋਣਾ ਪਵੇਗਾ, ਇਸ ਤੋਂ ਪਹਿਲਾਂ ਕਿ ਬਹੁਤ ਦੇਰ ਹੋ ਜਾਵੇ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇੱਕ ਵਾਰ ਸਥਿਤੀ ਹੱਥੋਂ ਨਿਕਲ ਜਾਣ ਤੋਂ ਬਾਅਦ "ਪਿੱਛੇ ਮੁੜਨ ਦਾ ਕੋਈ ਰਸਤਾ ਨਹੀਂ" ਹੋਵੇਗਾ ਅਤੇ ਉਸ ਸਮੇਂ ਦੇ ਹਾਲਾਤ ਬਿਲਕੁਲ ਵੀ ਚੰਗੇ ਨਹੀਂ ਹੋਣਗੇ।

## PU ਫਾਇਰਿੰਗ ਮਾਮਲੇ 'ਚ AGTF ਨੇ ਇੱਕ ਸ਼ੂਟਰ ਦਾ ਕੀਤਾ ਐਨਕਾਊਂਟਰ, ਕ੍ਰੇਟਾ 'ਚ ਸਵਾਰ ਸੀ ਸ਼ੂਟਰ ਜਸਪ੍ਰੀਤ

**ਚੰਡੀਗੜ੍ਹ , 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ 'ਚ ਸੋਪੂ ਆਗੂ ਜਸ਼ਨਪ੍ਰੀਤ ਸਿੰਘ 'ਤੇ ਹੋਏ ਕਾਤਲਾਨਾ ਹਮਲੇ ਦੇ ਮਾਮਲੇ ਵਿੱਚ ਪੰਜਾਬ ਪੁਲਿਸ



ਅਤੇ ਚੰਡੀਗੜ੍ਹ ਪੁਲਿਸ ਨੇ ਸਾਂਝੇ ਤੌਰ 'ਤੇ ਵੱਡੀ ਕਰਵਾਈ ਕੀਤੀ ਹੈ। ਪੰਜਾਬ ਪੁਲਿਸ ਨੇ ਪੰਜਾਬ ਯੂਨੀਵਰਸਿਟੀ ਵਿੱਚ ਫਾਇਰਿੰਗ ਕਰਨ ਵਾਲੇ ਸ਼ੂਟਰ ਦਾ ਐਨਕਾਊਂਟਰ ਕੀਤਾ ਹੈ। ਪੰਜਾਬ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਮੁੱਠਭੇੜ ਤੋਂ ਬਾਅਦ 2 ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਆਰੋਪੀ ਜਸਪ੍ਰੀਤ ਉਰਫ਼ ਜੱਸੀ ਫਤਿਹਗੜ੍ਹ ਸਾਹਿਬ ਦਾ ਰਹਿਣ ਵਾਲਾ ਹੈ। ਓਥੇ ਹੀ ਉਸ ਦੇ ਨਾਲ ਦੂਜਾ ਆਰੋਪੀ ਤਿਤਲੀ ਵੀ ਸੀ। ਜਾਣਕਾਰੀ ਅਨੁਸਾਰ ਪੁਲਿਸ ਨੂੰ ਮੁਲਜ਼ਮ ਦੀ ਲੋਕੇਸ਼ਨ ਬਾਰੇ ਗੁਪਤ ਸੂਚਨਾ ਮਿਲੀ ਸੀ। ਜਦੋਂ ਪੁਲਿਸ ਨੇ ਅਮਲੋਹ-ਪਾੜਤਾਂ ਰੋਡ 'ਤੇ ਉਸ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮ ਨੇ ਭੱਜਣ ਦੀ ਕੋਸ਼ਿਸ਼ ਵਿੱਚ ਗੋਲੀਆਂ ਚਲਾ ਦਿੱਤੀਆਂ। ਜਵਾਬੀ ਕਾਰਵਾਈ ਕਰਦਿਆਂ ਪੁਲਿਸ ਨੇ ਮੁਲਜ਼ਮ ਨੂੰ ਕਾਬੂ ਕਰ ਲਿਆ। ਦੱਸਿਆ ਜਾ ਰਿਹਾ ਹੈ ਕਿ ਇਸ ਕਾਰਵਾਈ ਦੌਰਾਨ ਮੁਲਜ਼ਮ ਜ਼ਖ਼ਮੀ ਹੋਇਆ ਹੈ, ਜਿਸ ਨੂੰ ਮੁੱਢਲੀ ਸਹਾਇਤਾ ਲਈ ਹਸਪਤਾਲ ਲਿਜਾਇਆ ਗਿਆ ਹੈ। ਪੁਲਿਸ ਨੇ ਦੂਜੇ ਆਰੋਪੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੇ ਇਸ ਮਾਮਲੇ ਦੇ ਮੁੱਖ ਮੁਲਜ਼ਮ ਜਸਪ੍ਰੀਤ ਸਿੰਘ ਨੂੰ ਇੱਕ ਮੁਕਾਬਲੇ ਤੋਂ ਬਾਅਦ ਅਮਲੋਹ-ਪਾੜਤਾਂ ਰੋਡ ਤੋਂ ਗ੍ਰਿਫ਼ਤਾਰ ਕਰ ਲਿਆ ਹੈ ਆਰੋਪੀ ਇੱਕ ਕ੍ਰੇਟਾ ਕਾਰ ਵਿੱਚ ਸਵਾਰ ਸਨ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਸਪ੍ਰੀਤ ਸਿੰਘ ਤੋਂ ਪੁੱਛਗਿੱਛ ਦੌਰਾਨ ਕਈ ਅਹਿਮ ਖ਼ੁਲਾਸੇ ਹੋਣ ਦੀ ਉਮੀਦ ਹੈ। ਮੁਲਜ਼ਮ ਕੋਲੋਂ ਹਥਿਆਰ ਵੀ ਬਰਾਮਦ ਕੀਤੇ ਗਏ ਹਨ। ਦੱਸ ਦੇਈਏ ਕਿ ਪੰਜਾਬ ਯੂਨੀਵਰਸਿਟੀ 'ਚ 17 ਮਾਰਚ ਨੂੰ ਵਿਦਿਆਰਥੀ ਆਗੂ ਜਸ਼ਨਦੀਪ ਸਿੰਘ ਜਵੰਧਾ 'ਤੇ ਫਾਇਰਿੰਗ ਹੋਈ ਸੀ। ਇਸ ਘਟਨਾ ਨੇ ਇੱਕ ਵਾਰ ਫਿਰ ਟ੍ਰਾਈਸਿਟੀ ਵਿੱਚ ਚੱਲ ਰਹੇ ਗੈਂਗ ਵਾਰ ਨੈੱਟਵਰਕ ਦਾ ਪਰਦਾਫਾਸ਼ ਕਰ ਦਿੱਤਾ। ਬੰਬੀਹਾ ਗੈਂਗ ਨਾਲ ਜੁੜੇ ਡੋਨੀ ਬਲ ਅਤੇ ਸ਼ਗਨਪ੍ਰੀਤ ਨੇ ਇਸ ਘਟਨਾ ਦੀ ਜ਼ਿੰਮੇਵਾਰੀ ਲਈ ਸੀ। ਚੰਡੀਗੜ੍ਹ ਅਤੇ ਪੰਜਾਬ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਮੁਲਜ਼ਮ ਦੀ ਭਾਲ ਵਿੱਚ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਸੀ।

## ਸਵਾਰੀਆਂ ਨਾਲ ਭਰੀ ਬੱਸ ਨਦੀ 'ਚ ਡਿੱਗੀ; 23 ਲੋਕਾਂ ਦੀ ਮੌਤ, ਕਈ ਲਾਪਤਾ



**ਢਾਕਾ, 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੰਗਲਾਦੇਸ਼ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ। ਇੱਕ ਬੱਸ ਡੂੰਘੀ ਨਦੀ ਵਿੱਚ ਡਿੱਗਣ ਕਾਰਨ 23 ਯਾਤਰੀਆਂ ਦੀ ਮੌਤ ਹੋ ਗਈ। ਬੱਸ ਵਿੱਚ ਕਈ ਬੱਚਿਆਂ ਸਮੇਤ ਲਗਭਗ 40 ਲੋਕ ਸਵਾਰ ਸਨ। ਰਿਪੋਰਟਾਂ ਅਨੁਸਾਰ, ਯਾਤਰੀ ਈਦ ਦੀਆਂ ਛੁੱਟੀਆਂ ਮਨਾਉਣ ਤੋਂ ਬਾਅਦ ਢਾਕਾ ਵਾਪਸ ਆ ਰਹੇ ਸਨ ਜਦੋਂ ਇਹ ਦੁਖਦਾਈ ਹਾਦਸਾ ਵਾਪਰਿਆ। ਰਾਹਤ ਅਤੇ ਬਚਾਅ ਕਾਰਜ ਜਾਰੀ ਹਨ। ਕਈ ਲੋਕ ਅਜੇ ਵੀ ਲਾਪਤਾ ਦੱਸੇ ਜਾ ਰਹੇ ਹਨ। ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਇਹ ਹਾਦਸਾ ਬੁੱਧਵਾਰ ਸ਼ਾਮ 5:15 ਵਜੇ ਦੇ ਕਰੀਬ ਵਾਪਰਿਆ।" ਹਾਦਸੇ ਤੋਂ ਬਾਅਦ, ਬੱਸ ਨੂੰ ਕਰੇਨ ਦੀ ਵਰਤੋਂ ਕਰਕੇ ਨਦੀ ਵਿੱਚੋਂ ਕੱਢਿਆ ਗਿਆ। ਹਾਲਾਤ ਬਹੁਤ ਮੁਸ਼ਕਲ ਸਨ, ਅਤੇ ਖਰਾਬ ਮੌਸਮ ਵਿੱਚ ਬਚਾਅ ਮੁਸ਼ਕਲ ਸੀ। ਨਦੀ ਵਿੱਚੋਂ ਬੱਸ ਨੂੰ ਕੱਢਣ ਵਿੱਚ ਲਗਭਗ ਛੇ ਘੰਟੇ ਲੱਗ ਗਏ। ਰਿਪੋਰਟਾਂ ਅਨੁਸਾਰ, ਬੱਸ ਇੱਕ ਕਿਸ਼ਤੀ 'ਤੇ ਚੜ੍ਹਨ ਦੀ ਕੋਸ਼ਿਸ਼ ਕਰਦੇ ਸਮੇਂ ਸੰਤੁਲਨ ਗੁਆ ਬੈਠੀ ਅਤੇ ਪਦਮਾ ਨਦੀ ਵਿੱਚ ਡਿੱਗ ਗਈ। ਹਾਦਸੇ ਕਾਰਨ ਘਟਨਾ ਸਥਾਨ 'ਤੇ ਵਿਆਪਕ ਦਹਿਸ਼ਤ ਫੈਲ ਗਈ। ਫੌਜ, ਪੁਲਿਸ, ਫਾਇਰ ਬ੍ਰਿਗੇਡ ਅਤੇ ਤੱਟ ਰੱਖਿਅਕ ਦੀਆਂ ਟੀਮਾਂ ਸਾਂਝੇ ਤੌਰ 'ਤੇ ਬਚਾਅ ਕਾਰਜ ਚਲਾ ਰਹੀਆਂ ਹਨ। ਬੱਸ ਕਿਸ਼ਤੀ ਵਿੱਚ ਚੜ੍ਹਨ ਦੀ ਕੋਸ਼ਿਸ਼ ਕਰਦੇ ਸਮੇਂ ਨਦੀ ਵਿੱਚ ਡਿੱਗ ਗਈ। ਲਾਪਤਾ ਯਾਤਰੀਆਂ ਨੂੰ ਲੱਭਣ ਦੀਆਂ ਕੋਸ਼ਿਸ਼ਾਂ ਜਾਰੀ ਹਨ, ਜਦੋਂ ਕਿ ਮ੍ਰਿਤਕਾਂ ਦੀਆਂ ਲਾਸ਼ਾਂ ਨਦੀ ਵਿੱਚੋਂ ਕੱਢੀਆਂ ਜਾ ਰਹੀਆਂ ਹਨ। ਅਧਿਕਾਰੀਆਂ ਦੇ ਅਨੁਸਾਰ, ਇਹ ਹਾਦਸਾ ਬੁੱਧਵਾਰ ਸ਼ਾਮ 5:15 ਵਜੇ ਦੱਖਣ-ਪੱਛਮੀ ਰਾਜਬਾੜੀ ਦੇ ਦੌਲਦੀਆ ਟਰਮੀਨਲ 'ਤੇ ਵਾਪਰਿਆ, ਜਦੋਂ ਬੱਸ ਪਦਮਾ ਨਦੀ ਵਿੱਚ ਡਿੱਗ ਗਈ। ਮੌਕੇ 'ਤੇ ਮੌਜੂਦ ਇੱਕ ਅਧਿਕਾਰੀ ਨੇ ਦੱਸਿਆ ਕਿ ਬੱਸ, ਜਿਸ ਵਿੱਚ 40 ਯਾਤਰੀ ਸਵਾਰ ਸਨ, ਢਾਕਾ ਜਾ ਰਹੀ ਸੀ। ਦੌਲਾਦੀਆ ਟਰਮੀਨਲ 'ਤੇ ਇੱਕ ਕਿਸ਼ਤੀ 'ਤੇ ਚੜ੍ਹਦੇ ਸਮੇਂ ਇਹ ਨਦੀ ਵਿੱਚ ਡਿੱਗ ਗਈ। ਚਸ਼ਮਦੀਦਾਂ ਨੇ ਇਹ ਵੀ ਦੱਸਿਆ ਕਿ ਬੱਸ, ਜਿਸ ਵਿੱਚ 40 ਯਾਤਰੀ ਸਵਾਰ ਸਨ, ਫੈਰੀ ਦੇ ਨੇੜੇ ਆਉਂਦੇ ਹੀ ਇੱਕ ਛੋਟੀ ਕਿਸ਼ਤੀ ਨਾਲ ਟਕਰਾ ਗਈ। ਟੱਕਰ ਕਾਰਨ ਬੱਸ ਸੰਤੁਲਨ ਗੁਆ ਬੈਠੀ ਅਤੇ ਸਿੱਧੀ ਡੂੰਘੀ ਨਦੀ ਵਿੱਚ ਡਿੱਗ ਗਈ।

## ਡੌਂਕੀ ਰੂਟ ਜ਼ਰੀਏ ਮਨੁੱਖੀ ਤਸਕਰੀ 'ਤੇ ਹਾਈਕੋਰਟ ਨੇ ਵਿਖਾਈ ਸਖ਼ਤੀ, ਸੁਣਾਇਆ ਵੱਡਾ ਫ਼ੈਸਲਾ

**ਚੰਡੀਗੜ੍ਹ , 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ "ਡੌਂਕੀ ਰੂਟ" ਰਾਹੀਂ ਮਨੁੱਖੀ ਤਸਕਰੀ ਦੇ ਗੰਭੀਰ ਮਾਮਲਿਆਂ 'ਤੇ ਸਖ਼ਤ ਰੁਖ਼ ਅਪਣਾਇਆ ਹੈ। ਹਾਈਕੋਰਟ ਨੇ ਦੋਸ਼ੀਆਂ ਨੂੰ ਨਿਯਮਿਤ ਜ਼ਮਾਨਤ ਦੇਣ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕਰ ਦਿੱਤਾ ਹੈ। ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਅਜਿਹੇ ਅਪਰਾਧ ਧੋਖਾਧੜੀ ਤੱਕ ਸੀਮਤ ਨਹੀਂ ਹਨ ਸਗੋਂ ਇਹ ਸੰਗਠਿਤ ਕੌਮਾਂਤਰੀ ਨੈੱਟਵਰਕ ਦਾ ਹਿੱਸਾ ਹਨ, ਜਿਸ ਦੇ ਲੰਬੇ ਪ੍ਰਭਾਵ ਹਨ । ਜਸਟਿਸ ਗੁਰਵਿੰਦਰ ਸਿੰਘ ਗਿੱਲ ਅਤੇ ਜਸਟਿਸ ਰਮੇਸ਼ ਕੁਮਾਰੀ ਨੇ ਮੁਲਜ਼ਮਾਂ ਦੁਆਰਾ ਦਾਇਰ ਅਪੀਲਾਂ ਨੂੰ ਖਾਰਜ ਕਰਦੇ ਹੋਏ ਕਿਹਾ ਕਿ ਮਾਮਲੇ ਵਿੱਚ ਪੇਸ਼ ਕੀਤੇ ਗਏ ਸਬੂਤ ਪਹਿਲੀ ਨਜ਼ਰੇ ਇਕ ਵੱਡੇ ਮਨੁੱਖੀ ਤਸਕਰੀ ਰੈਕੇਟ ਵੱਲ ਇਸ਼ਾਰਾ ਕਰਦੇ ਹਨ, ਜਿਸ ਨੂੰ ਇਕ ਘਟਨਾ ਵਜੋਂ ਨਹੀਂ ਵੇਖਿਆ ਜਾ ਸਕਦਾ। ਇਸ ਮਾਮਲੇ 'ਚ ਗਗਨ ਅਤੇ ਹੋਰ ਮੁਲਜ਼ਮ ਸ਼ਾਮਲ ਹਨ, ਜਿਨ੍ਹਾਂ ਨੇ ਲੋਕਾਂ ਨੂੰ ਵਿਦੇਸ਼ ਭੇਜਣ ਦੀ ਆੜ 'ਚ ਵੱਡੀ ਰਕਮ ਵਸੂਲੀ ਅਤੇ ਫਿਰ ਉਨ੍ਹਾਂ ਨੂੰ ਗੈਰ-ਕਾਨੂੰਨੀ ਰੂਟਾਂ ਰਾਹੀਂ ਅਮਰੀਕਾ ਤਸਕਰੀ ਕਰਨ ਦੀ ਕੋਸ਼ਿਸ਼ ਕੀਤੀ। ਜਾਂਚ ਤੋਂ ਪਤਾ ਲੱਗਾ ਕਿ ਪੀੜਤਾਂ ਨੂੰ ਸਪੇਨ, ਅਲ ਸਲਵਾਡੋਰ, ਗੁਆਟੇਮਾਲਾ ਅਤੇ ਮੈਕਸੀਕੋ ਵਰਗੇ ਦੇਸ਼ਾਂ ਰਾਹੀਂ ਭੇਜਿਆ ਗਿਆ ਸੀ, ਜਿੱਥੇ ਉਨ੍ਹਾਂ ਨੂੰ ਰਸਤੇ 'ਚ ਤਸ਼ੱਦਦ, ਕੁੱਟਮਾਰ ਅਤੇ ਜਬਰੀ ਵਸੂਲੀ ਦਾ ਸਾਹਮਣਾ ਕਰਨਾ ਪਿਆ। ਇਸ ਪੂਰੇ ਨੈੱਟਵਰਕ 'ਚ ਸ਼ਾਮਲ ਏਜੰਟਾਂ ਨੂੰ "ਡੌਂਕਰ" ਕਿਹਾ ਜਾਂਦਾ ਹੈ। ਜਾਂਚ ਏਜੰਸੀ ਰਾਸ਼ਟਰੀ ਜਾਂਚ ਏਜੰਸੀ (ਐੱਨ. ਆਈ. ਏ.) ਦੁਆਰਾ ਪੇਸ਼ ਕੀਤੇ ਗਏ ਸਬੂਤਾਂ ਵਿੱਚ ਬੈਂਕ ਖ਼ਾਤੇ ਦੇ ਵੇਰਵੇ, ਡਿਜੀਟਲ ਲੈਣ-ਦੇਣ ਅਤੇ ਯਾਤਰਾ ਤਾਲਮੇਲ ਰਿਕਾਰਡ ਸ਼ਾਮਲ ਸਨ।ਅਦਾਲਤ ਨੇ ਪਾਇਆ ਕਿ ਮੁਲਜ਼ਮਾਂ ਦੇ ਖਾਤਿਆਂ ਵਿਚਕਾਰ ਕਾਫ਼ੀ ਰਕਮ ਟ੍ਰਾਂਸਫਰ ਕੀਤੀ ਗਈ ਸੀ, ਜੋ ਗੈਰ-ਕਾਨੂੰਨੀ ਕਾਰਵਾਈ ਦੀ ਪੁਸ਼ਟੀ ਕਰਦੀ ਹੈ। ਅਦਾਲਤ ਨੇ ਵਿਸ਼ੇਸ਼ ਤੌਰ 'ਤੇ ਇਕ ਦੋਸ਼ੀ ਦੇ ਬੈਂਕ ਖਾਤੇ ਦੇ ਰਿਕਾਰਡਾਂ ਦੇ 52 ਪੰਨਿਆਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਇਮੀਗ੍ਰੇਸ਼ਨ ਕਾਰੋਬਾਰ ਦੀ ਆੜ 'ਚ ਗੈਰ-ਕਾਨੂੰਨੀ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਅਦਾਲਤ ਨੇ ਇਹ ਵੀ ਸਵੀਕਾਰ ਕੀਤਾ ਕਿ ਦੂਜੇ ਦੋਸ਼ੀ ਦੀ ਸ਼ਮੂਲੀਅਤ ਨੂੰ ਨਕਾਰਿਆ ਨਹੀਂ ਜਾ ਸਕਦਾ। ਆਪਣੇ ਹੁਕਮ ਵਿੱਚ ਅਦਾਲਤ ਨੇ ਕਿਹਾ ਕਿ ਮਨੁੱਖੀ ਤਸਕਰੀ ਵਰਗੇ ਅਪਰਾਧ ਨਾ ਸਿਰਫ਼ ਕਾਨੂੰਨ ਦੀ ਉਲੰਘਣਾ ਹਨ, ਸਗੋਂ ਲੋਕਾਂ ਦੀ ਜਾਨ ਅਤੇ ਸਨਮਾਨ ਲਈ ਵੀ ਗੰਭੀਰ ਖ਼ਤਰਾ ਹਨ। ਅਜਿਹੇ ਮਾਮਲਿਆਂ 'ਚ ਜ਼ਮਾਨਤ ਦੇਣਾ ਨਿਆਂ ਦੇ ਹਿੱਤਾਂ ਦੇ ਵਿਰੁੱਧ ਹੋਵੇਗਾ, ਖ਼ਾਸ ਕਰਕੇ ਜਦੋਂ ਅਪਰਾਧ ਕੌਮਾਂਤਰੀ ਪੱਧਰ 'ਤੇ ਹੋਵੇ ਅਤੇ ਇਸ ਵਿੱਚ ਵੱਡੀ ਗਿਣਤੀ ਵਿੱਚ ਪੀੜਤ ਸ਼ਾਮਲ ਹੋਣ। ਹਾਈਕੋਰਟ ਨੇ ਹੇਠਲੀ ਅਦਾਲਤ ਨੂੰ ਮੁਕੱਦਮੇ ਦੀ ਸੁਣਵਾਈ ਤੇਜ਼ ਕਰਨ ਅਤੇ ਗਵਾਹਾਂ ਦੇ ਬਿਆਨ ਸਮੇਂ ਸਿਰ ਦਰਜ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਨਿਆਂਇਕ ਪ੍ਰਕਿਰਿਆ ਵਿੱਚ ਬੇਲੋੜੀ ਦੇਰੀ ਤੋਂ ਬਚਿਆ ਜਾ ਸਕੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ ।
ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।


**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

# ਪਹਿਲੀ ਬਰਸੀ ਦਾ ਸਮਾਗਮ

# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**

**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**

**Harmeet Singh Bal, Jagjeet Kaur Bal, Bhavanpreet Kaur Sandhu**

**Contact: +44 7771 608363**


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਅਮਰੀਕਾ ਦੀ ਧਰਤੀ ਤੋਂ ਪ੍ਰਸਿੱਧ ਸਮਾਜਸੇਵੀ ਸੁਬੇਗ ਸਿੰਘ ਮੁਲਤਾਨੀ ਅਤੇ ਭਾਈ ਜੋਗਾ ਸਿੰਘ ਮਹਿੰਦੀਪੁਰ

# ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਦਰਸ਼ਨਾਂ ਲਈ ਪੁੱਜੇ

**ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਵਿਚਾਰਾਂ ਦੀ ਸਾਂਝ ਪਾਈ ਜਥੇਦਾਰ ਦਾਦੂਵਾਲ ਜੀ ਨੇ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ**














ਅਮਰੀਕਾ ਦੀ ਧਰਤੀ ਤੋਂ ਪ੍ਰਸਿੱਧ ਸਮਾਜਸੇਵੀ ਸੁਬੇਗ ਸਿੰਘ ਮੁਲਤਾਨੀ ਅਤੇ ਭਾਈ ਜੋਗਾ ਸਿੰਘ ਮਹਿੰਦੀਪੁਰ ਅੱਜ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਦਰਸ਼ਨਾਂ ਲਈ ਪੁੱਜੇ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਵਿਚਾਰਾਂ ਦੀ ਸਾਂਝ ਪਾਈ ਜਥੇਦਾਰ ਦਾਦੂਵਾਲ ਜੀ ਨੇ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਗੋਬਿੰਦ ਸਿੰਘ ਜੀ ਯੁਵਾ ਕਲੱਬ ਪੱਕਾ ਸ਼ਹੀਦਾਂ ਸਿਰਸਾ ਵੱਲੋਂ ਕਰਵਾਏ ਕਬੱਡੀ ਖੇਡ ਟੂਰਨਾਮੈਂਟ ਵਿੱਚ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਮੁੱਖ ਮਹਿਮਾਨ ਵਜੋਂ ਪੁੱਜੇ

## ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਹੋ ਕੇ ਦੇਸ਼ ਕੌਮ ਧਰਮ ਦੀ ਸੇਵਾ ਲਈ ਯੋਗਦਾਨ ਪਾਉਣ ਵਾਸਤੇ ਪ੍ਰੇਰਿਤ ਕੀਤਾ

















ਗੁਰੂ ਗੋਬਿੰਦ ਸਿੰਘ ਜੀ ਯੁਵਾ ਕਲੱਬ ਪੱਕਾ ਸ਼ਹੀਦਾਂ ਸਿਰਸਾ ਵੱਲੋਂ 24 ਮਾਰਚ 2026 ਨੂੰ ਕਰਵਾਏ ਕਬੱਡੀ ਖੇਡ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ ਅਤੇ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਹੋ ਕੇ ਦੇਸ਼ ਕੌਮ ਧਰਮ ਦੀ ਸੇਵਾ ਲਈ ਯੋਗਦਾਨ ਪਾਉਣ ਵਾਸਤੇ ਪ੍ਰੇਰਿਤ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ 31ਹਜ਼ਾਰ ਰੁਪਏ, 4 ਕੁਮੈਂਟਰਾਂ ਹਰੇਕ ਨੂੰ ਇੱਕ ਇੱਕ ਹਜ਼ਾਰ ਰੁਪਏ, 4 ਰੈਫਰੀਆਂ ਹਰੇਕ ਨੂੰ ਇੱਕ ਇੱਕ ਹਜ਼ਾਰ ਰੁਪਏ, ਪਾਣੀ ਪਿਲਾਉਣ ਵਾਲੇ ਤੇ ਕਲੀ ਪਾਉਣ ਵਾਲੇ ਸੇਵਾਦਾਰਾਂ ਨੂੰ ਵੀ ਇੱਕ ਇੱਕ ਹਜ਼ਾਰ ਰੁਪਏ ਦਾ ਸਪੈਸ਼ਲ ਇਨਾਮ ਦਿੱਤਾ ਖੇਡ ਮੇਲੇ ਵਿੱਚ ਜਥੇਦਾਰ ਦਾਦੂਵਾਲ ਜੀ ਨਾਲ ਪੁੱਜੇ ਸਮਾਜ ਸੇਵੀ ਸੁਬੇਗ ਸਿੰਘ ਮੁਲਤਾਨੀ USA ਵੱਲੋਂ ਵੀ ਜੇਤੂ ਟੀਮ ਨੂੰ 20 ਹਜਾਰ ਰੁਪਏ ਕੁਮੈਂਟਰ ਰੈਫਰੀਆਂ ਸੇਵਾਦਾਰਾਂ ਨੂੰ ਵੀ ਵਿਸ਼ੇਸ਼ ਇਨਾਮ ਦਿੱਤੇ ਗਏ ਖੇਡ ਟੂਰਨਾਮੈਂਟ ਵਿੱਚ ਜਥੇਦਾਰ ਦਾਦੂਵਾਲ ਜੀ ਦੇ ਨਾਲ ਜਥੇਦਾਰ ਜਗਸੀਰ ਸਿੰਘ ਕੋਟੜਾ,ਹੈਨਰੀ ਲਹਿਰਾਗਾਗਾ,ਅਭੈਜੀਤ ਸਿੰਘ ਗਰੇਵਾਲ ਸੰਗਰੂਰ,ਜੋਗਾ ਸਿੰਘ ਮਹਿੰਦੀਪੁਰ,ਮਹਿੰਦਰ ਸਿੰਘ ਚਹਿਲ ਕਾਲਾਂਵਾਲੀ ਵੀ ਪੁੱਜੇ ਨਗਰ ਪੰਚਾਇਤ ਪੱਕਾ ਸ਼ਹੀਦਾਂ ਸਰਪੰਚ ਅਤੇ ਨੌਜਵਾਨ ਕਲੱਬ ਦੇ ਪ੍ਰਧਾਨ ਇਕਬਾਲ ਸਿੰਘ ਸਾਥੀਆਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਵਿਸ਼ੇਸ਼ ਸਨਮਾਨ ਚਿੰਨ ਦੇ ਕੇ ਸਨਮਾਨਿਤ ਅਤੇ ਧੰਨਵਾਦ ਕੀਤਾ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਜਥੇ ਦੇ ਸਿੰਘ ਭਾਈ ਕੁਲਬੀਰ ਸਿੰਘ ਭਾਗੀ ਸਪੁੱਤਰ ਸਰਦਾਰ ਗੁਰਪਾਲ ਸਿੰਘ ਸਪੁੱਤਰ ਸਰਦਾਰ ਬਾਵਾ ਸਿੰਘ ਨੂੰ ਵਾਹਿਗੁਰੂ ਵੱਲੋਂ ਭੁਚੰਗੀ ਗੁਰਬੰਸ ਸਿੰਘ ਦੀ ਦਾਤ ਪ੍ਰਾਪਤ ਹੋਈ**

# ਅੱਜ ਗੁਰੂ ਦਾ ਸ਼ੁਕਰਾਨਾ ਕਰਦੇ ਹੋਏ ਧੁਰ ਕੀ ਬਾਣੀ ਦੇ ਪਾਠ ਉਪਰੰਤ ਕਥਾ ਕੀਰਤਨ ਕਰਵਾਇਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਅਤੇ ਭਾਈ ਸੁਖਵਿੰਦਰ ਸਿੰਘ ਸਿੰਘਪੁਰਾ ਦੇ ਰਾਗੀ ਜੱਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ















ਸਾਡੇ ਜਥੇ ਦੇ ਸਿੰਘ ਭਾਈ ਕੁਲਬੀਰ ਸਿੰਘ ਭਾਗੀ ਸਪੁੱਤਰ ਸਰਦਾਰ ਗੁਰਪਾਲ ਸਿੰਘ ਸਪੁੱਤਰ ਸਰਦਾਰ ਬਾਵਾ ਸਿੰਘ ਨੂੰ ਵਾਹਿਗੁਰੂ ਵੱਲੋਂ ਭੁਚੰਗੀ ਗੁਰਬੰਸ ਸਿੰਘ ਦੀ ਦਾਤ ਪ੍ਰਾਪਤ ਹੋਈ ਅੱਜ ਗੁਰੂ ਦਾ ਸ਼ੁਕਰਾਨਾ ਕਰਦੇ ਹੋਏ ਆਪਣੇ ਗ੍ਰਹਿ ਪਿੰਡ ਭਾਗੀਵਾਂਦਰ ਜਿਲਾ ਬਠਿੰਡਾ ਵਿਖੇ ਧੁਰ ਕੀ ਬਾਣੀ ਦੇ ਪਾਠ ਉਪਰੰਤ ਕਥਾ ਕੀਰਤਨ ਕਰਵਾਇਆ ਤੇ ਗੁਰੂ ਕਾ ਲੰਗਰ ਅਟੁੱਟ ਵਰਤਿਆ ਇਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਅਤੇ ਭਾਈ ਸੁਖਵਿੰਦਰ ਸਿੰਘ ਸਿੰਘਪੁਰਾ ਦੇ ਰਾਗੀ ਜੱਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਗੁਰੂ ਦਾ ਲੰਗਰ ਅਤੁੱਟ ਵਰਤਿਆ ਪ੍ਰੀਵਾਰ ਵੱਲੋਂ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਸਮੇਂ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ, ਸਰਪੰਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਸਮੇਤ ਸਿੱਖ ਸੰਗਤਾਂ ਰਿਸ਼ਤੇਦਾਰ ਸਾਕ ਸਨਬੰਧੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਬਾਜ਼ ਸਿੰਘ ਸਿੱਧੂ ਵੱਲੋਂ ਪਿੰਡਾਂ ਦਾ ਦੌਰਾ, ਕਿਹਾ

# ਕੇਂਦਰ ਮੌਜੂਦਾ ਗੈਸ ਸੰਕਟ ਨਾਲ ਨਜਿੱਠਣ 'ਚ ਫੇਲ੍ਹ ਸਾਬਿਤ ਹੋ ਰਿਹੈ



**ਤਲਵੰਡੀ ਸਾਬੋ, 26 ਮਾਰਚ (ਗੁਰਜੰਟ ਸਿੰਘ ਨਥੇਹਾ)**- ਹਲਕੇ ਤੋਂ ਚਾਰ ਵਾਰ ਵਿਧਾਇਕ ਰਹਿ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ ਦੀ ਰਾਜਨੀਤੀ 'ਚ ਪਿਛਲੇ ਕਾਫੀ ਸਮੇਂ ਤੋਂ ਕਾਂਗਰਸ ਪਾਰਟੀ ਵੱਲੋਂ ਸਰਗਰਮ ਨਜ਼ਰ ਆ ਰਹੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਸੀਂਗੋ ਇਲਾਕੇ ਦੇ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਵਰਕਰਾਂ ਤੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਉੱਥੇ ਉਨਾਂ ਨੇ ਲੋਕ ਮੁਸ਼ਿਕਲਾਂ ਸੁਣਦਿਆਂ ਉਨਾਂ ਦੇ ਜਲਦ ਹੱਲ ਦਾ ਯਕੀਨ ਵੀ ਦਵਾਇਆ। ਪਿੰਡ ਸੀਂਗੋ ਵਿਖੇ ਮੈਂਬਰ ਰੁਲਦੂ ਸਿੰਘ ਦੀ ਧਰਮਪਤਨੀ ਦੇ ਭੋਗ ਸਮਾਗਮ 'ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਪੱਛਮੀ ਏਸ਼ੀਆ 'ਚ ਜੰਗ ਦੀ ਸਥਿੱਤੀ ਤੋਂ ਬਾਅਦ ਦੇਸ਼ ਇੱਕ ਗੰਭੀਰ ਊਰਜਾ ਸੰਕਟ ਚੋਂ ਗੁਜ਼ਰ ਰਿਹੈ।ਘਰੇਲੂ ਗੈਸ ਹਾਸਿਲ ਕਰਨ ਲਈ ਲੋਕਾਂ ਦੀਆਂ ਗੈਸ ਏਜੰਸੀਆਂ ਅੱਗੇ ਲੰਬੀਆਂ ਲਾਈਨਾਂ ਨਾ ਕੇਵਲ ਪੰਜਾਬ 'ਚ ਸਗੋਂ ਦੇਸ਼ ਦੇ ਹੋਰਨਾਂ ਸੂਬਿਆਂ 'ਚ ਵੀ ਲੱਗੀਆਂ ਦਿਖਾਈ ਦੇ ਰਹੀਆਂ ਹਨ ਜਿਸਤੋਂ ਸਪੱਸ਼ਟ ਹੈਕਿ ਪੱਛਮੀ ਏਸ਼ੀਆ ਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਤਣਾਅਪੂਰਨ ਸਥਿਤੀ ਦੇ ਬਾਵਜ਼ੂਦ ਕੇਂਦਰ ਦੀ ਭਾਜਪਾ ਸਰਕਾਰ ਨੇ ਕਦੇ ਵੀ ਤੇਲ ਅਤੇ ਗੈਸ ਦੀ ਸਪਲਾਈ ਸਬੰਧੀ ਭਵਿੱਖੀ ਯੋਜਨਾ ਅਮਲ 'ਚ ਨਹੀ ਲਿਆਂਦੀ ਜਿਸਦਾ ਖਮਿਆਜ਼ਾ ਹੁਣ ਲੋਕ ਭੁਗਤ ਰਹੇ ਹਨ। ਉਨਾ ਕਿਹਾ ਕਿ ਕੇਵਲ ਗੈਸ ਸੰਕਟ ਹੀ ਨਹੀ ਸਗੋਂ ਜੇਕਰ ਜੰਗ ਲੰਬੀ ਖਿੱਚ ਗਈ ਤਾਂ ਤੇਲ ਸੰਕਟ ਵੀ ਪੈਦਾ ਹੋ ਸਕਦਾ ਹੈ ਤੇ ਇਸਦੇ ਸੰਕੇਤ ਵੀ ਮਿਲ ਰਹੇ ਹਨ ਕਿ ਦੇਸ਼ ਦੀ ਇੱਕ ਵੱਡੀ ਨਿੱਜੀ ਕੰਪਨੀ ਨੇ ਆਪਣੇ ਪੈਟਰੋਲ ਪੰਪਾਂ ਤੇ ਤੇਲ ਦੀਆਂ ਕੀਮਤਾਂ 'ਚ ਪੰਜ ਰੁਪਏ ਪ੍ਰਤੀ ਲੀਟਰ ਵਾਧਾ ਕਰ ਦਿੱਤਾ ਹੈ।ਸਿੱਧੂ ਨੇ ਕਿਹਾ ਕਿ ਭਾਜਪਾ ਆਗੂ ਫੋਕੀ ਬਿਆਨਬਾਜ਼ੀ ਦੀ ਥਾਂ ਲੋਕਾਂ ਦੀ ਮੁਸ਼ਿਕਲ ਸਮਝਕੇ ਘਰੇਲੂ ਗੈਸ ਦੀ ਲੋੜੀਂਦੀ ਪੂਰਤੀ ਯਕੀਨੀ ਬਣਾਉਣ ਤੇ ਤੇਲ ਕੀਮਤਾਂ ਤੇ ਨਿਯੰਤਰਨ ਰੱਖਣ। ਸਿੱਧੂ ਨਾਲ ਇਸ ਮੌਕੇ ਡੂੰਗਰ ਸਿੰਘ ਸੀਂਗੋ, ਗੁਰਾਦਿੱਤਾ ਸਿੰਘ ਸੀਂਗੋ, ਕ੍ਰਿਸ਼ਨ ਯਾਦਵ, ਹੈਪੀ ਬਹਿਮਣ, ਡਾ.ਮਲਕੀਤ ਸਿੰਘ ਮਿਰਜ਼ੇਆਣਾ, ਸੁੱਖੀ ਮੈਨੂੰਆਣਾ ਆਦਿ ਆਗੂ ਮੌਜੂਦ ਸਨ।

ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ ਵੱਲੋਂ ਅੰਮ੍ਰਿਤਸਰ 'ਚ

# ਸੋਸ਼ਲ ਮੀਡੀਆ ਪੱਤਰਕਾਰਾਂ ਲਈ ਪ੍ਰੈਸ ਕਲੱਬ ਚੋਣ 'ਚ ਭਾਗੀਦਾਰੀ ਦੀ ਮੰਗ, ਮੌਲਿਕ ਅਧਿਕਾਰਾਂ ਦਾ ਦਿੱਤਾ ਹਵਾਲਾ

ਚੌਕ ਮਹਿਤਾ 26 ਮਾਰਚ (. ਬਾਬਾ ਸੁਖਵੰਤ ਸਿੰਘ ਚੰਨਣਕੇ ) ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ (ਰਜਿ.) ਪੰਜਾਬ ਵੱਲੋਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਯੂਟਿਊਬ ਅਤੇ ਵੈੱਬ ਚੈਨਲਾਂ ਰਾਹੀਂ ਕੰਮ ਕਰ ਰਹੇ ਪੱਤਰਕਾਰਾਂ ਨੂੰ ਪ੍ਰੈਸ ਕਲੱਬ ਅੰਮ੍ਰਿਤਸਰ ਦੀ ਚੋਣ ਵਿੱਚ ਭਾਗ ਲੈਣ ਦੀ ਆਗਿਆ ਦੇਣ ਦੀ ਮੰਗ ਕੀਤੀ ਗਈ।

ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਸੌਣ ਨੇ ਕਿਹਾ ਕਿ ਅੱਜ ਦਾ ਸਮਾਂ ਸੋਸ਼ਲ ਮੀਡੀਆ ਦਾ ਯੁੱਗ ਹੈ ਅਤੇ ਪ੍ਰਸ਼ਾਸਨ, ਰਾਜਨੀਤਿਕ ਹਸਤੀਆਂ

## ਸੋਸ਼ਲ ਮੀਡੀਆ ਪੱਤਰਕਾਰਾਂ ਦੇ ਮੌਲਿਕ ਅਧਿਕਾਰਾਂ ਦੀ ਹੋ ਰਹੀ ਹੈ ਸ਼ਰੇਆਮ ਉਲੰਘਣਾ- ਰਣਜੀਤ ਸਿੰਘ ਮਸੌਣ

ਅਤੇ ਪੰਜਾਬ ਸਰਕਾਰ ਨਾਲ ਸੰਬੰਧਤ ਲਗਭਗ 90 ਫ਼ੀਸਦੀ ਖ਼ਬਰਾਂ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਹੀ ਪ੍ਰਸਾਰਿਤ ਹੁੰਦੀਆਂ ਹਨ। ਇਸ ਦੇ ਬਾਵਜ਼ੂਦ ਵੀ ਯੂਟਿਊਬ ਅਤੇ ਵੈੱਬ ਚੈਨਲਾਂ ਨਾਲ ਜੁੜੇ ਪੱਤਰਕਾਰਾਂ ਨੂੰ ਪ੍ਰੈਸ ਕਲੱਬ ਦੀ ਵੋਟ ਤੋਂ ਵਾਂਝਾ ਰੱਖਣਾ ਅਨਿਆਇਕ ਹੈ। ਉਨ੍ਹਾਂ ਮੰਗ ਕੀਤੀ ਕਿ ਜੋ ਪੱਤਰਕਾਰ ਪਿਛਲੇ ਡੇਢ ਤੋਂ ਦੋ ਸਾਲਾਂ ਤੋਂ ਲਗਾਤਾਰ ਕੰਮ ਕਰ ਰਹੇ ਹਨ, ਉਨ੍ਹਾਂ ਦੀਆਂ ਵੋਟਾਂ ਬਣਾਈਆਂ ਜਾਣ ਅਤੇ ਚੋਣਾਂ ਵਿੱਚ ਭਾਗ ਲੈਣ ਦਾ ਮੌਕਾ ਦਿੱਤਾ ਜਾਵੇ।

ਇਸ ਮੌਕੇ ਜਨਰਲ ਸਕੱਤਰ ਜੋਗਾ ਸਿੰਘ ਰਾਜਪੂਤ ਨੇ ਕਿਹਾ ਕਿ ਵੋਟ ਪਾਉਣਾ ਹਰ ਨਾਗਰਿਕ ਦਾ ਸੰਵਿਧਾਨਕ ਅਤੇ ਮੌਲਿਕ ਅਧਿਕਾਰ ਹੈ। ਉਨ੍ਹਾਂ ਦੱਸਿਆ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਮਾਨਤਾ ਦਾ ਅਧਿਕਾਰ ਅਤੇ ਅਭਿਵੈਕਤੀ ਦੀ ਅਜ਼ਾਦੀ ਦਾ ਅਧਿਕਾਰ ਹਰ ਪੱਤਰਕਾਰ ਨੂੰ ਬਰਾਬਰ ਹੱਕ ਦਿੰਦੇ ਹਨ ਕਿ ਉਹ ਆਪਣੀ ਪੇਸ਼ੇਵਰ ਸਰਗਰਮੀਆਂ ਵਿੱਚ ਭਾਗ ਲੈ ਸਕੇ। ਇਸ ਹੱਕ ਤੋਂ ਵਾਂਝਾ ਰੱਖਣਾ ਮੌਲਿਕ ਅਧਿਕਾਰਾਂ ਦੀ ਉਲੰਘਣਾ ਹੈ।

ਉਨ੍ਹਾਂ ਦੋਸ਼ ਲਗਾਇਆ ਕਿ ਕੁੱਝ ਵਿਅਕਤੀਆਂ ਵੱਲੋਂ ਪ੍ਰਸ਼ਾਸਨ ਨੂੰ ਗੁਮਰਾਹ ਕਰਕੇ ਵੈੱਬ ਪੋਰਟਲਾਂ ਨਾਲ ਜੁੜੇ ਪੱਤਰਕਾਰਾਂ ਦੀਆਂ ਵੋਟਾਂ ਨਹੀਂ ਬਣਨ ਦਿੱਤੀਆਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਡੀਪੀਆਰਓ ਦਫ਼ਤਰ ਵੱਲੋਂ ਸਾਰੇ ਪੱਤਰਕਾਰ ਸੰਗਠਨਾਂ ਦੀ ਮੀਟਿੰਗ ਦੌਰਾਨ ਇੱਕ ਸਾਂਝੀ ਕਮੇਟੀ ਵੀ ਬਣਾਈ ਗਈ ਸੀ, ਪਰ ਅਜੇ ਤੱਕ ਚੋਣ ਪ੍ਰਕਿਰਿਆ ਦੀ ਕੋਈ ਸਪੱਸ਼ਟ ਅਤੇ ਪਾਰਦਰਸ਼ੀ ਰੂਪ-ਰੇਖਾ ਜਨਤਕ ਨਹੀਂ ਕੀਤੀ ਗਈ। ਜੋਗਾ ਸਿੰਘ ਨੇ ਕਿਹਾ ਕਿ ਕੁੱਝ ਵੀ ਚੈਨਲਾਂ ਨੂੰ ਸਰਕਾਰੀ ਮਾਨਤਾ ਮਿਲੀ ਹੋਈ ਹੈ ਜੋ ਸਿਰਫ਼ ਸਰਕਾਰ ਦੀ ਵਾਹਵਾਹੀ ਕਰਦੇ ਹਨ, ਜਦਕਿ ਅਜ਼ਾਦ ਸੋਸ਼ਲ ਮੀਡੀਆ ਪੱਤਰਕਾਰ ਨਿਰਪੱਖ ਅਤੇ ਲੋਕ-ਹਿੱਤ ਦੀ ਪੱਤਰਕਾਰਤਾ ਕਰਦੇ ਹਨ। ਉਨ੍ਹਾਂ







ਜ਼ੋਰ ਦੇ ਕੇ ਕਿਹਾ ਕਿ ਪੱਤਰਕਾਰਤਾ ਇੱਕ ਲੋਕ ਸੇਵਾ ਹੈ ਅਤੇ ਇਸ ਨਾਲ ਜੁੜੇ ਹਰ ਵਿਅਕਤੀ ਨੂੰ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ। ਅੰਤ ਵਿੱਚ ਐਸੋਸੀਏਸ਼ਨ ਵੱਲੋਂ ਚੇਤਾਵਨੀ ਦਿੱਤੀ ਗਈ ਕਿ ਜੇਕਰ ਵੈੱਬ ਚੈਨਲਾਂ ਦੇ ਪੱਤਰਕਾਰਾਂ ਦੀਆਂ ਵੋਟਾਂ ਨਾ ਬਣਾਈਆਂ ਗਈਆਂ ਤਾਂ ਆਪਣੇ ਮੌਲਿਕ ਹੱਕਾਂ ਦੀ ਪ੍ਰਾਪਤੀ ਲਈ ਪੂਰੇ ਪੰਜਾਬ ਵਿੱਚ ਧਰਨੇ ਅਤੇ ਪ੍ਰਦਰਸ਼ਨ ਕੀਤੇ ਜਾਣਗੇ।

# ਭਾਈ ਜੱਗੀ ਜੋਹਲ, ਬੱਗਾ, ਸ਼ੇਰਾ, ਅਮਨਿੰਦਰ ਅਤੇ ਹੋਰਾਂ ਨੂੰ ਪੁਲਿਸ ਦੀ ਸਖ਼ਤ ਸੁਰੱਖਿਆ ਹੇਠ ਅਦਾਲਤ ਅੰਦਰ ਕੀਤਾ ਗਿਆ ਪੇਸ਼






ਨਵੀਂ ਦਿੱਲੀ 26 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੀ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਭਾਈ ਜਗਤਾਰ ਸਿੰਘ ਜੱਗੀ ਜੋਹਲ, ਭਾਈ ਰਮਨਦੀਪ ਸਿੰਘ ਬੱਗਾ, ਭਾਈ ਹਰਦੀਪ ਸਿੰਘ ਸ਼ੇਰਾ, ਭਾਈ ਅਮਨਿੰਦਰ ਸਿੰਘ, ਭਾਈ ਮਨਪ੍ਰੀਤ ਸਿੰਘ ਨੂੰ ਪੰਜਾਬ ਅੰਦਰ ਦਰਜ਼ ਕੀਤੇ ਗਏ ਅੱਠ ਮਾਮਲਿਆਂ ਲਈ ਦਿੱਲੀ ਦੀ ਪਟਿਆਲਾ ਹਾਊਸ ਵਿਖੇ ਪੁਲਿਸ ਦੀ ਸਖ਼ਤ ਸੁਰੱਖਿਆ ਹੇਠ ਪੇਸ਼ ਕੀਤਾ ਗਿਆ । ਅਦਾਲਤ ਅੰਦਰ ਇਸ ਮਾਮਲੇ ਵਿਚ ਇਹ 66 ਵੀ ਟ੍ਰਾਇਲ ਸੁਣਵਾਈ ਕੀਤੀ ਗਈ ਸੀ ਤੇ ਜਗਤਾਰ ਸਿੰਘ ਜੱਗੀ ਜੋਹਲ ਦੀ ਮਨਮਾਨੀ ਬੰਦੀ ਨੂੰ 3064 ਦਿਨ ਪੂਰੇ ਹੋ ਗਏ ਹਨ ਅਤੇ ਓਸ ਦੇ ਵਿਰੁੱਧ ਕੋਈ ਵੀ ਪੁਖਤਾ ਸਬੂਤ ਅਦਾਲਤ ਅੰਦਰ ਪੇਸ਼ ਨਹੀਂ ਕੀਤਾ ਜਾ ਸਕਿਆ ਹੈ । ਸਿੰਘਾਂ ਵਲੋਂ ਪੇਸ਼ ਹੋਏ ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਦਸਿਆ ਅਦਾਲਤ ਅੰਦਰ ਇੱਕ ਸਰਕਾਰੀ ਗਵਾਹ ਪੇਸ਼ ਹੋਇਆ ਸੀ ਜਿਸ ਕੋਲੋਂ ਪੁੱਛਗਿੱਛ ਕੀਤੀ ਗਈ ਸੀ । ਜਿਕਰਯੋਗ ਹੈ ਕਿ ਇਹ ਮਾਮਲੇ ਪੰਜਾਬ ਰਾਜ ਨਾਲ ਸੰਬੰਧਿਤ ਹਨ ਜਿਨ੍ਹਾਂ ਨੂੰ ਵਕੀਲਾਂ ਦੇ ਸਖ਼ਤ ਵਿਰੋਧ ਦੇ ਬਾਵਜੂਦ ਦਿੱਲੀ ਬਦਲੀ ਕਰ ਦਿੱਤੇ ਗਏ ਸਨ ਜਿਸ ਕਰਕੇ ਉਨ੍ਹਾਂ ਦੀ ਸੁਣਵਾਈ ਦਿੱਲੀ ਅਦਾਲਤ ਅੰਦਰ ਕੀਤੀ ਜਾ ਰਹੀ ਹੈ। ਅਦਾਲਤ ਅੰਦਰ ਭਾਈ ਜੱਗੀ ਜੋਹਲ ਨਾਲ ਮੁਲਾਕਾਤ ਲਈ ਉਨ੍ਹਾਂ ਦਾ ਸਹੁਰਾ ਜੀ ਉਚੇਚੇ ਤੌਰ ਤੇ ਹਾਜਿਰ ਹੋਏ ਸਨ ਜਿਨ੍ਹਾਂ ਨੇ ਅਦਾਲਤ ਵਲੋਂ ਮਿਲੇ ਸਮੇਂ ਹੇਠ ਜੱਗੀ ਜੋਹਲ ਨਾਲ ਮੁਲਾਕਾਤ ਕੀਤੀ ਸੀ। ਅਦਾਲਤ ਅੰਦਰ ਭਾਈ ਜਸਪਾਲ ਸਿੰਘ ਮੰਝਪੁਰ ਨਾਲ ਵਕੀਲ ਭਾਈ ਪਰਮਜੀਤ ਸਿੰਘ ਅਤੇ ਵਕੀਲ ਏਕਤਾ ਵੀ ਹਾਜਿਰ ਸਨ। ਅਦਾਲਤ ਅੰਦਰ ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 21, 22 ਅਤੇ 23 ਅਪ੍ਰੈਲ 2026 ਤੱਕ ਮੁਲਤਵੀ ਕਰ ਦਿੱਤੀ ਗਈ ਹੈ।

# ਅਖੰਡ ਕੀਰਤਨੀ ਜਥਾ ਯੂਕੇ ਦੀ ਜਥੇਦਾਰ ਤ੍ਰਿਲੋਚਨ ਸਿੰਘ ਦੀ ਅਗਵਾਈ ਵਿਚ 9 ਮੈਂਬਰੀ ਕਮੇਟੀ ਦੀ ਹੋਈ ਚੋਣ

**ਨਵੀਂ ਦਿੱਲੀ 26 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਅਖੰਡ ਕੀਰਤਨੀ ਜਥਾ ਯੂ ਕੇ ਦੀ 15 ਮਾਰਚ 2026 ਨੂੰ ਸਿੰਘ ਸਭਾ ਗੁਰਦੁਆਰਾ ਗ੍ਰੇਟ ਬਾਰ ਬ੍ਰਮਿੰਘਮ ਵਿਖੇ ਹੋਈ ਜਨਰਲ ਮੀਟਿੰਗ ਵਿਚ 9 ਕਮੇਟੀ ਸੇਵਾਦਾਰਾਂ ਦੀ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਇਹ ਜਨਰਲ ਮੀਟਿੰਗ 1:30 ਵਜੇ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿਚ ਛੋਟੇ ਹਾਲ ਵਿਚ ਹੋਈ। ਇਸ ਮੀਟਿੰਗ ਵਿਚ ਸੰਗਤਾਂ ਦਾ ਇਕੱਠ ਮਿਸਾਲੀ ਸੀ ਜੋ ਇਸ ਤੋਂ ਪਹਿਲਾਂ ਹੋਣ ਵਾਲੀਆਂ ਜਨਰਲ ਬਾਡੀ ਚੋਣ ਮੀਟਿੰਗਾਂ ਵਿਚ ਕਦੇ ਨਹੀਂ ਦੇਖਿਆ ਗਿਆ। ਮੀਟਿੰਗ ਤੋਂ ਪਹਿਲਾਂ ਜਥੇਦਾਰ ਤ੍ਰਲੋਚਨ ਸਿੰਘ ਨੇ ਸਿਮਰਨ ਕਰਵਾਇਆ ਅਤੇ ਚੌਪਈ ਦੇ ਪਾਠ ਉਪਰੰਤ ਅਰਦਾਸ ਅਤੇ ਹੁਕਮਨਾਮਾ ਲੈ ਕੇ ਸ਼ੁਰੂ ਕਰਵਾਈ। ਸੇਵਾ ਮੁਕਤ ਕਮੇਟੀ ਦੇ ਜਨਰਲ ਸਕੱਤਰ ਡਾ: ਦਲਜੀਤ ਸਿੰਘ ਨੇ ਕਾਰਵਾਈ ਸ਼ੁਰੂ ਕੀਤੀ ਅਤੇ ਦੱਸਿਆ ਕਿ ਨਵੀਂ ਕਮੇਟੀ ਦੀ ਚੋਣ ਮੁਕੰਮਲ ਹੋਣ ਨਾਲ ਪੁਰਾਣੀ ਕਮੇਟੀ ਸੇਵਾ ਮੁਕਤ ਹੋ ਜਾਵੇਗੀ। ਪਹਿਲੀ ਕਮੇਟੀ ਦੇ ਸੇਵਾਦਾਰਾਂ ਭਾਈ ਲਖਵੀਰ ਸਿੰਘ, ਭਾਈ ਜੁਝਾਰ ਸਿੰਘ ਅਤੇ ਭਾਈ ਜਗਤਾਰ ਸਿੰਘ ਵੱਲੋਂ ਸਭਨਾਂ ਦਾ ਧੰਨਵਾਦ ਕੀਤਾ ਅਤੇ ਅਗਲੀ ਕਾਰਵਾਈ ਲਈ ਸਟੇਜ ਭਾਈ ਜਗਤਾਰ ਸਿੰਘ ਨੂੰ ਸੰਭਾਲ ਦਿੱਤੀ। ਜਥੇਦਾਰ ਭਾਈ ਤ੍ਰਲੋਚਨ ਸਿੰਘ ਨੇ ਨਾਮਜ਼ਦਗੀਆਂ ਮਿਲਣ ਤੋਂ ਬਾਅਦ ਦੱਸਿਆ ਕਿ ਇਸ ਵਾਰ ਸੰਗਤ ਨੇ ਬਹੁਤ ਉਤਸ਼ਾਹ ਵਿਖਾਇਆ ਅਤੇ ਪੂਰੇ ਇੰਗਲੈਂਡ ਚੋਂ 38 ਨਾਮਜ਼ਦਗੀਆਂ ਪ੍ਰਾਪਤ ਹੋਈਆਂ। ਇਤਰਾਜ਼ਾਂ ਤੇ ਯੋਗਤਾਵਾਂ ਅਨੁਸਾਰ ਛਾਂਟੀ ਕਰਨ ਬਾਅਦ 24 ਨਾਮ ਰਹਿ ਗਏ। ਪੰਜ ਮੁਖ ਸੇਵਾਦਾਰਾਂ ਨੇ ਬਿਨਾਂ ਪੱਖਪਾਤ ਅਤੇ ਯੋਗਤਾ ਅਨੁਸਾਰ 9 ਨਾਵਾਂ ਦੀ ਨਿਯੁਕਤੀ ਸੁਝਾਈ ਜਿਨ੍ਹਾਂ ਨੂੰ ਉਨ੍ਹਾਂ ਸੰਗਤ ਦੀ ਪਰਵਾਨਗੀ ਲਈ ਹੇਠ ਲਿਖੇ ਅਨੁਸਾਰ ਪੜ੍ਹ ਕੇ ਸੁਣਾਇਆ। ਜਨਰਲ ਸਕੱਤਰ (ਚੇਅਰ): ਭਾਈ ਫਲਵਿੰਦਰ ਸਿੰਘ (ਲੈਮਿੰਗਟਨ ਸਪਾ), ਮੀਤ ਜਨਰਲ ਸਕੱਤਰ (ਵਾਈਸ ਚੇਅਰ): ਭਾਈ ਕੁਲਵਿੰਦਰ ਸਿੰਘ (ਬ੍ਰੈਡਫੋਰਡ), ਬੁਲਾਰਾ: ਭਾਈ (ਡਾ.) ਦਪਿੰਦਰ ਸਿੰਘ (ਲੇਟਨ), ਖਜ਼ਾਨਚੀ: ਭਾਈ ਪ੍ਰਿਥੀਪਾਲ ਸਿੰਘ (ਮਾਨਚੈਸਟਰ), ਸੇਫਗਾਰਡਿੰਗ: ਬੀਬੀ ਕਿਰਪਾ ਕੌਰ (ਕੁਵੈਂਟਰੀ), ਧਰਮ ਪ੍ਰਚਾਰ: ਭਾਈ ਭੁਪਿੰਦਰ ਸਿੰਘ (ਬਰਮਿੰਘਮ), ਅੰਮ੍ਰਿਤ ਸੰਚਾਰ ਤਾਲਮੇਲ: ਭਾਈ ਤੇਜਿੰਦਰਵੀਰ ਸਿੰਘ (ਲੈਸਟਰ), ਮਾਮਲਾ ਤਾਲਮੇਲਕਾਰ: ਭਾਈ ਕਮਲਜੀਤ ਸਿੰਘ (ਬਰਮਿੰਘਮ), ਸੋਸ਼ਲ ਮੀਡੀਆ ਅਤੇ ਰਾਬਤਾ: ਬੀਬੀ ਜਸਕੀਰਤ ਕੌਰ (ਸਾਊਥਾਲ)। ਸੰਗਤ ਦੀ ਪਰਵਾਨਗੀ ਜੈਕਾਰੇ ਨਾਲ ਹੋਈ ਅਤੇ ਅਖੀਰ ਵਿਚ ਚੁਣੇ ਗਈ ਸੇਵਾਦਾਰ ਕਮੇਟੀ ਦੇ ਮੈਂਬਰਾਂ ਨੂੰ ਸਿਰੋਪੇ ਦਿੱਤੇ ਗਏ ਅਤੇ ਅਰਦਾਸ ਕਰਕੇ ਗੁਰੂ ਸਾਹਿਬ ਦੀ ਬਖਸ਼ਿਸ਼ ਮੰਗੀ ਗਈ। ਭਾਈ ਤ੍ਰਲੋਚਨ ਸਿੰਘ ਨੇ ਸੰਗਤਾਂ ਦਾ ਧੰਨਵਾਦ ਕੀਤਾ, ਏਕਤਾ ਦੀ ਅਪੀਲ ਕੀਤੀ ਅਤੇ ਡਰਬੀ ਵਿੱਚ ਹੋਣ ਵਾਲੇ ਅੰਤਰਰਾਸ਼ਟਰੀ ਸਮਾਗਮ (30 ਮਾਰਚ ਤੋਂ 6 ਅਪ੍ਰੈਲ) ਵਿੱਚ ਹੁੰਮ ਹੁਮਾ ਕੇ ਸ਼ਾਮਲ ਹੋਣ ਦੀ ਬੇਨਤੀ ਕੀਤੀ। ਸਾਰੀ ਕਾਰਵਾਈ ਬੜੇ ਸੁਖਾਵੇਂ ਮਾਹੌਲ ਵਿਚ ਹੋਈ।



### ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਹੋਈ ਵਿਸ਼ੇਸ਼ ਇਕੱਤਰਤਾ



ਤਲਵੰਡੀ ਸਾਬੋ, 26 ਮਾਰਚ (ਗੁਰਜੰਟ ਸਿੰਘ ਨਥੇਹਾ)- ਸਿੱਖ ਕੌਮ ਦੇ ਚੌਥੇ ਪਵਿੱਤਰ ਤਖ਼ਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਅੱਜ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਦੇ ਇਤਿਹਾਸਕ ਦਿਹਾੜੇ ਦੀਆਂ ਪੂਰਵ-ਤਿਆਰੀਆਂ ਅਤੇ ਗੁਰਮਤਿ ਪ੍ਰਚਾਰ ਦੀ ਰੂਪ-ਰੇਖਾ ਉਲੀਕਣ ਲਈ ਇੱਕ ਵਿਸ਼ੇਸ਼ ਇਕੱਤਰਤਾ ਬੁਲਾਈ ਗਈ। ਇਸ ਅਹਿਮ ਇਕੱਤਰਤਾ ਦੀ ਸਰਪ੍ਰਸਤੀ ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਕੀਤੀ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ੍ਰ. ਮੋਹਨ ਸਿੰਘ ਬੰਗੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ੍ਰ. ਬਲਵਿੰਦਰ ਸਿੰਘ ਕਾਹਲਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਕੱਤਰ ਸ੍ਰ. ਬਲਵਿੰਦਰ ਸਿੰਘ ਕਾਹਲਵਾਂ ਨੇ ਸਮੂਹ ਪ੍ਰਚਾਰਕ ਸਾਹਿਬਾਨ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਦਿਹਾੜੇ 'ਤੇ 'ਘਰ-ਘਰ ਪ੍ਰਚਾਰ ਲਹਿਰ' ਦਾ ਆਗਾਜ਼ ਕਰਨ। ਉਨ੍ਹਾਂ ਕਿਹਾ ਕਿ ਸਿੱਖ ਵਿਰਸੇ ਅਤੇ ਗੁਰਮਤਿ ਸਿਧਾਂਤਾਂ ਨੂੰ ਹਰ ਮਨੁੱਖ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਉਨ੍ਹਾਂ ਵਿਸ਼ੇਸ਼ ਐਲਾਨ ਕੀਤਾ ਕਿ ਵਿਸਾਖੀ ਦੇ ਜੋੜਮੇਲੇ ਦੌਰਾਨ ਸੰਗਤ ਖਾਸ ਕਰਕੇ ਨੌਜਵਾਨਾਂ ਨੂੰ ਸਿੱਖੀ ਸਰੂਪ ਨਾਲ ਜੋੜਨ ਲਈ 'ਦਸਤਾਰਾਂ ਦੇ ਲੰਗਰ' ਲਗਾਏ ਜਾਣਗੇ।ਸ਼੍ਰੋਮਣੀ ਕਮੇਟੀ ਮੈਂਬਰ ਸ੍ਰ. ਮੋਹਨ ਸਿੰਘ ਬੰਗੀ ਨੇ ਪ੍ਰਚਾਰਕ ਸਿੰਘਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਵਿਸਾਖੀ ਦਾ ਦਿਹਾੜਾ ਸਿੱਖੀ ਸ਼ਾਨ ਅਤੇ ਕੁਰਬਾਨੀ ਦਾ ਪ੍ਰਤੀਕ ਹੈ। ਉਨ੍ਹਾਂ ਸਮੂਹ ਸੇਵਾਦਾਰਾਂ ਅਤੇ ਪ੍ਰਚਾਰਕਾਂ ਨੂੰ ਹਦਾਇਤ ਕੀਤੀ ਕਿ ਉਹ ਜੋੜ-ਮੇਲੇ ਦੌਰਾਨ ਆਪਣੀ ਡਿਊਟੀ ਪੂਰੀ ਦ੍ਰਿੜਤਾ, ਮੁਸਤੈਦੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਤਾਂ ਜੋ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਆਉਣ ਵਾਲੀ ਲੱਖਾਂ ਦੀ ਗਿਣਤੀ ਵਿੱਚ ਸੰਗਤ ਨੂੰ ਕਿਸੇ ਪ੍ਰਕਾਰ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਅਜੋਕੇ ਦੌਰ ਵਿੱਚ ਸਿੱਖ ਪੰਥ ਨੂੰ ਦਰਪੇਸ਼ ਅੰਦਰੂਨੀ ਅਤੇ ਬਾਹਰੀ ਚੁਣੌਤੀਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ। ਉਨ੍ਹਾਂ ਖ਼ਾਲਸਾ ਸਾਜਨਾ ਦੀ ਅਦੁੱਤੀ ਮਹਾਨਤਾ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਖ਼ਾਲਸਾ ਪੰਥ ਦਾ ਮਕਸਦ ਮਨੁੱਖਤਾ ਦੀ ਭਲਾਈ ਅਤੇ ਜ਼ੁਲਮ ਦਾ ਟਾਕਰਾ ਕਰਨਾ ਹੈ। ਜਥੇਦਾਰ ਸਾਹਿਬ ਨੇ ਸਮੁੱਚੀ ਕੌਮ ਨੂੰ ਇਕਜੁੱਟ ਹੋਣ ਦਾ ਸੱਦਾ ਦਿੰਦਿਆਂ ਪ੍ਰਚਾਰਕਾਂ ਨੂੰ ਹਦਾਇਤ ਕੀਤੀ ਕਿ ਗੁਰੂ ਸਾਹਿਬ ਦਾ ਪਵਿੱਤਰ ਸੰਦੇਸ਼ ਸੰਗਤ ਦੇ ਹਿਰਦਿਆਂ ਤੱਕ ਪਹੁੰਚਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਿਆਨੀ ਗੁਰਜੰਟ ਸਿੰਘ ਮੁੱਖ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਨਰਿੰਦਰਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਗੁਰਦੇਵ ਸਿੰਘ ਵਧੀਕ ਮੈਨੇਜਰ, ਸ. ਮਨਦੀਪ ਸਿੰਘ ਤੇ ਸ੍ਰ. ਗੁਰਸੇਵਕ ਸਿੰਘ ਮੀਤ ਮੈਨੇਜਰ, ਗਿਆਨੀ ਸਰਬਜੀਤ ਸਿੰਘ ਢੋਟੀਆਂ ਇੰਚਾਰਜ ਮਾਲਵਾ ਜ਼ੋਨ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਇੰਚਾਰਜ ਭੋਲਾ ਸਿੰਘ ਹੀਰੇਵਾਲਾ, ਅਵਤਾਰ ਸਿੰਘ ਵਣਵਾਲਾ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਅਮਰੀਕ ਸਿੰਘ ਡਸਕਾ ਸਹਾਇਕ ਇੰਚਾਰਜ ਸਮੇਤ ਵੱਡੀ ਗਿਣਤੀ ਵਿੱਚ ਪ੍ਰਚਾਰਕ ਅਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।

### ਮਾਤਾ ਪ੍ਰੀਤ ਮੋਹਿਣੀ ਕੌਰ ਨੂੰ

# ਹਜ਼ਾਰਾਂ ਸੰਗਤਾਂ ਵੱਲੋਂ ਨਿੱਘੀ ਸ਼ਰਧਾਂਜਲੀ

**ਨਵੀਂ ਦਿੱਲੀ, 26 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੇ ਮਾਤਾ ਜੀ ਮਾਤਾ ਪ੍ਰੀਤਮ ਮੋਹਿਣੀ ਕੌਰ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਇਥੇ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਇਆ ਜਿਥੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਸਮੇਤ ਅਨੇਕਾਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ੋਕ ਸੰਦੇਸ਼ ਭੇਜ ਕੇ ਅਤੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਉਹਨਾਂ ਦੇ ਕੈਬਨਿਟ ਦੇ ਸਾਥੀ ਮਨਜਿੰਦਰ ਸਿੰਘ ਸਿਰਸਾ ਸਮੇਤ ਹੋਰ ਕੈਬਨਿਟ ਮੰਤਰੀਆਂ ਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸ਼ਖਸੀਅਤਾਂ ਨੇ ਪਹੁੰਚ ਕੇ ਵਿਛੜੀ ਰੂਹ ਨੂੰ ਆਪਣੇ ਸ਼ਰਧਾ ਦੇ ਫੁੱਲ ਭੇਂਟ ਕੀਤੇ।ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਇਹ ਮਾਤਾ ਸਰਦਾਰਨੀ ਪ੍ਰੀਤ ਮੋਹਿਣੀ ਕੌਰ ਵੱਲੋਂ ਦਿੱਤੀ ਸਿੱਖਿਆ ਹੀ ਹੈ ਜਿਸ ਦੀ ਬਦੌਲਤ ਅੱਜ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਮੁੱਚੇ ਪਰਿਵਾਰ ਨੇ ਸਮਾਜ ਵਿਚ ਵੱਡਾ ਨਾਮਣਾ ਖੱਟਿਆ ਹੈ।ਉਹਨਾਂ ਕਿਹਾ ਕਿ ਮਾਤਾ ਜੀ ਦੀਆਂ ਸਿੱਖਿਆਵਾਂ ਦੀ ਬਦੌਲਤ ਵਿਚ ਪਰਿਵਾਰ ਵਿਚ ਨਿਮਰਤਾ, ਸਾਦਗੀ ਤੇ ਹਰ ਇਕ ਨਾਲ ਪਿਆਰ ਨਾਲ ਵਰਤਣ ਦੇ ਗੁਣ ਭਰੇ ਗਏ ਹਨ। ਉਹਨਾਂ ਕਿਹਾ ਕਿ ਅਜਿਹੀਆਂ ਮਾਵਾਂ ਵਿਰਲੀਆਂ ਹੀ ਹੁੰਦੀਆਂ ਹਨ ਜੋ ਪਰਮਾਤਮਾ ਨਾਲ ਇੰਨੇ ਨਜ਼ਦੀਕ ਤੋਂ ਜੁੜੀਆਂ ਹੋਣ ਤੇ ਆਪਣੇ ਪਰਿਵਾਰ ਨੂੰ ਉਸ ਰੱਬ ਦੀ ਬੰਦਗੀ ਨਾਲ ਜੋੜ ਕੇ ਰੱਖਣ। ਇਸ ਮੌਕੇ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਉਹਨਾਂ ਦੇ ਸਰਦਾਰ ਹਰਮੀਤ ਸਿੰਘ ਕਾਲਕਾ ਦੇ ਪਰਿਵਾਰ ਨਾਲ ਨੇੜਲੇ ਸਬੰਧ ਹਨ ਤੇ ਉਹ ਵੱਡਭਾਗੀ ਹਨ ਕਿ ਮਾਤਾ ਜੀ ਦੇ ਅਕਸਰ ਦਰਸ਼ਨ ਕਰਦੇ ਰਹਿੰਦੇ ਹਨ ਤੇ ਮਾਤਾ ਜੀ ਤੋਂ ਹਮੇਸ਼ਾ ਸਿੱਖਿਆ ਹਾਸਲ ਕਰਦੇ ਸਨ। ਉਹਨਾਂ ਕਿਹਾ ਕਿ ਇਹ ਮਾਤਾ ਜੀ ਦਾ ਹੀ ਪ੍ਰਤਾਪ ਹੈ ਕਿ ਅੱਜ ਹਜ਼ਾਰਾਂ ਦਾ ਇਕੱਠ ਸਰਦਾਰ ਕਾਲਕਾ ਤੇ ਸਮੁੱਚੇ ਪਰਿਵਾਰ ਨਾਲ ਇਕਜੁੱਟਤਾ ਪ੍ਰਗਟ ਕਰਨ ਆਇਆ ਹੈ। ਇਸ ਮੌਕੇ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਤੇ ਹੋਰ ਸ਼ਖਸੀਅਤਾ ਨੇ ਵੀ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਮੰਚ ਸੰਚਾਲਨ ਦਿੱਲੀ ਗੁਰਦੁਆਰਾ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਅਤੇ ਅਰਦਾਸ ਗੁਰਦੁਆਰਾ ਬੰਗਲਾ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਨੇ ਕੀਤੀ। ਵੱਖ-ਵੱਖ ਸੰਪਰਦਾਵਾਂ ਤੇ ਸੰਸਥਾਵਾਂ ਵੱਲੋਂ ਇਸ ਮੌਕੇ ਪਰਿਵਾਰ ਨੂੰ ਦਸਤਾਰਾਂ ਵੀ ਭੇਂਟ ਕੀਤੀਆਂ ਗਈਆਂ। ਇਸ ਮੌਕੇ ਸੰਤ ਸਮਾਜ ਤੋਂ ਬਾਬਾ ਗੁਰਿੰਦਰ ਸਿੰਘ ਢਿੱਲੋਂ ਬਿਆਸ ਵਾਲੇ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਅਖੰਡ ਕੀਰਤਨੀ ਜੱਥਾ ਦਿੱਲੀ ਵਲੋਂ ਭਾਈ ਅਰਵਿੰਦਰ ਸਿੰਘ ਰਾਜਾ, ਭਾਈ ਅਰੁਣਪਾਲ ਸਿੰਘ, ਬਾਬਾ ਅਮਰ ਸਿੰਘ ਜੀ ਰਾੜਾ ਸਾਹਿਬ, ਬਾਬਾ ਜੀਤ ਸਿੰਘ ਜੋਹਲਾਂ ਵਾਲੇ, ਬਾਬਾ ਬਚਨ ਸਿੰਘ ਕਾਰ ਸੇਵਾ ਵਾਲੇ ਬੰਗਲਾ ਸਾਹਿਬ, ਬਾਬਾ ਪ੍ਰੀਤਮ ਸਿੰਘ ਆਗਰਾ ਵਾਲਿਆਂ ਵੱਲੋਂ ਬਾਬਾ ਰਾਜਿੰਦਰ ਸਿੰਘ, ਬਾਬਾ ਅਵਤਾਰ ਸਿੰਘ ਦਲ ਬਾਬਾ ਬਿਧੀ ਚੰਦ ਵਾਲਿਆਂ ਵੱਲੋਂ ਬਾਬਾ ਦਿਲਬਾਗ ਸਿੰਘ, ਬਾਬਾ ਬਲਬੀਰ ਸਿੰਘ 96 ਕਰੋੜੀ ਬੁੱਢਾ ਦਲ ਵਾਲੇ, ਬਾਬਾ ਪ੍ਰੀਤਮ ਸਿੰਘ ਨਾਨਕਸਰ ਬਾਜਨਗਰ ਯੂ ਪੀ ਵਾਲੇ, ਬਾਬਾ ਬਲਜੀਤ ਸਿੰਘ ਦਾਦੂਵਾਲ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਐਮ ਪੀ, ਤਰੁਣ ਚੁਘ ਜਨਰਲ ਸਕੱਤਰ ਭਾਜਪਾ, ਤਰਲੋਚਨ ਸਿੰਘ ਸਾਬਕਾ ਐਮ ਪੀ, ਡਾ. ਉਦਿਤ ਰਾਜ ਐਮ ਪੀ ਰਾਜ ਸਭਾ, ਡਾ. ਅਰਵਿੰਦਰ ਸਿੰਘ ਲਵਲੀ ਐਮ ਐਲ ਏ, ਡਾ. ਜਗਜੀਤ ਸਿੰਘ ਦਰਦੀ ਮੈਂਬਰ ਪ੍ਰੈਸ ਕੌਂਸਲ ਆਫ ਇੰਡੀਆ, ਹਰਪਾਲ



ਸਿੰਘ ਜੌਹਲ ਪਟਨਾ ਸਾਹਿਬ, ਗੁਰਤੇਜ ਸਿੰਘ ਗੁਰਾਇਆ, ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਕਮੇਟੀ, ਡਾ. ਇੰਮਪ੍ਰੀਤ ਸਿੰਘ ਬਖਸ਼ੀ, ਡਾ. ਦਰਸ਼ਨ ਸਿੰਘ ਨੰਨੀਵਾਲ ਪੰਜਾਬ ਭਾਜਪਾ, ਗੁਰਚਰਨ ਸਿੰਘ ਰਾਜੂ, ਬੰਨੀ ਜੌਲੀ, ਕੁਲਦੀਪ ਸਿੰਘ ਚੌਹਾਨ, ਹਰਜੀਤ ਸਿੰਘ ਬੇਦੀ, ਜੀ ਐਮ ਸਿੱਕਾ, ਡਾ. ਰਾਜਿੰਦਰ ਸਿੰਘ ਰਾਜੂ, ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਸ਼ੋਕ ਸੰਦੇਸ਼, ਵਿਜੇ ਸਤਿਬੀਰ ਸਿੰਘ ਪ੍ਰਸ਼ਾਸਕ ਸ੍ਰੀ ਹਜ਼ੂਰ ਸਾਹਿਬ, ਗੁਰਦੀਪ ਸਿੰਘ ਬਠਿੰਡਾ, ਗਜਿੰਦਰ ਸਿੰਘ ਚੱਢਾ ਅਕਾਲ ਅਕੈਡਮੀ ਬੜੂ ਸਾਹਿਬ, ਤਰਵਿੰਦਰ ਸਿੰਘ ਮਰਵਾਹ ਐਮ ਐਲ ਏ, ਪਰਮਿੰਦਰ ਸਿੰਘ ਢੀਂਡਸਾ ਸਾਬਕਾ ਖ਼ਜ਼ਾਨਾ ਮੰਤਰੀ, ਬਾਬਾ ਬੰਦਾ ਸਿੰਘ ਬਹਾਦਰ ਸਿੱਖ ਸੰਪਰਦਾਇ ਵੱਲੋਂ ਤਿਲਕ ਸਿੰਘ ਖੁਰਾਣਾ, ਕੰਵਲਜੀਤ ਸਿੰਘ ਅਜਰਾਣਾ ਹਰਿਆਣਾ ਕਮੇਟੀ, ਸੁਦਰਸ਼ਨ ਸਿੰਘ ਸਹਿਗਲ ਹਰਿਆਣਾ ਕਮੇਟੀ, ਤਰਵਿੰਦਰਪਾਲ ਸਿੰਘ ਹਰਿਆਣਾ ਕਮੇਟੀ, ਭੁਪਿੰਦਰ ਸਿੰਘ, ਰਾਜਿੰਦਰ ਸਿੰਘ ਬਰਾੜਾ ਹਰਿਆਣਾ ਕਮੇਟੀ, ਅਵਤਾਰ ਸਿੰਘ ਸਾਬਕਾ ਐਮ ਐਲ ਏ, ਡਾ. ਜਸਪਾਲ ਸਿੰਘ ਸਾਬਕਾ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ, ਵਿਕਰਮਜੀਤ ਸਿੰਘ ਸਾਹਨੀ ਐਮ ਪੀ ਰਾਜ ਸਭਾ, ਜੋਗਿੰਦਰ ਸਿੰਘ ਪ੍ਰਧਾਨ ਅਤੇ ਅਮਰਜੀਤ ਸਿੰਘ ਜਨਰਲ ਸਕੱਤਰ ਨਾਨਮਤਾ ਪ੍ਰਬੰਧਕ ਕਮੇਟੀ, ਸ਼ੋਕ ਸੰਦੇਸ਼ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸੰਤ ਹਰਨਾਮ ਸਿੰਘ ਖਾਲਸਾ ਮੁੱਖੀ ਦਮਦਮੀ ਟਕਸਾਲ, ਬਾਬਾ ਸੁਖਦੇਵ ਸਿੰਘ, ਬਾਬਾ ਸ਼ਾਹ ਅਵਤਾਰ ਸਿੰਘ ਵੱਲੋਂ ਸ਼ੋਕ ਸੰਦੇਸ਼, ਅਚਾਰਿਆ ਲੋਕ ਮੁਨੀ ਜੈਨ ਸਮਾਜ, ਬਾਬਾ ਅੰਮ੍ਰਿਤਪਾਲ ਸਿੰਘ ਟਿਕਾਣਾ ਸਾਹਿਬ ਪੰਜਾਬੀ ਬਾਗ, ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਸੰਤ ਤਿਰਲੋਚਨ ਦਾਸ, ਬਾਬਾ ਦਾਤਾਰ ਸਿੰਘ ਹਰਿਜੀ ਅਤੇ ਡੇਰਾ ਸੰਤ ਸੁਜਾਨ ਸਿੰਘ ਰਾਜੌਰੀ ਗਾਰਡਨ ਸਮੇਤ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਆਨਲਾਈਨ ਵਪਾਰ ਅਤੇ ਜੀਐਸਟੀ ਵਿਸੰਗਤੀਆਂ 'ਤੇ ਚਿੰਤਾ, ਛੋਟੇ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਦੀ ਮੰਗ : ਕਰਿਆਣਾ ਐਸੋਸੀਏਸ਼ਨ ਪੰਜਾਬ

## ਵੱਧਦੇ ਦਬਾਅ ਵਿਚ ਸੰਤੁਲਿਤ ਨੀਤੀ ਅਤੇ ਸਰਲ ਜੀਐਸਟੀ ਪ੍ਰਣਾਲੀ ਦੀ ਲੋੜ 'ਤੇ ਜ਼ੋਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਪ੍ਰਦੇਸ਼ ਰਿਟੇਲ ਐਂਡ ਹੋਲਸੇਲ ਕਰਿਆਣਾ ਐਸੋਸੀਏਸ਼ਨ, ਪੰਜਾਬ ਨੇ ਆਨਲਾਈਨ ਵਪਾਰ ਦੇ ਵੱਧਦੇ ਪ੍ਰਭਾਵ ਅਤੇ ਜੀਐਸਟੀ ਪ੍ਰਣਾਲੀ ਨਾਲ ਜੁੜੀਆਂ ਜਟਿਲਤਾਵਾਂ ਸਬੰਧੀ ਸਰਕਾਰ ਦਾ ਧਿਆਨ ਖਿੱਚਿਆ ਹੈ।ਐਸੋਸੀਏਸ਼ਨ ਦਾ ਕਹਿਣਾ ਹੈ ਕਿ ਇਨ੍ਹਾਂ ਮੁੱਦਿਆਂ 'ਤੇ ਸਮੇਂ ਸਿਰ ਪ੍ਰਭਾਵਸ਼ਾਲੀ ਅਤੇ ਵਿਵਹਾਰਕ ਕਦਮ ਚੁੱਕਣ ਲਾਜ਼ਮੀ ਹਨ, ਤਾਂ ਜੋ ਛੋਟੇ ਅਤੇ ਦਰਮਿਆਨੇ ਵਪਾਰੀਆਂ ਅਤੇ ਖਪਤਕਾਰਾਂ ਦੇ ਹਿੱਤ ਸੁਰੱਖਿਅਤ ਰਹਿ ਸਕਣ।ਪ੍ਰਦੇਸ਼ ਪ੍ਰਧਾਨ ਪ੍ਰਮੋਦ ਗੁਪਤਾ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਆਨਲਾਈਨ ਅਤੇ ਪਰੰਪਰਾਗਤ ਵਪਾਰ ਨੂੰ ਲੈ ਕੇ ਵਪਾਰੀਆਂ ਵਿੱਚ ਚਿੰਤਾ ਦਾ ਮਾਹੌਲ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਹਰ ਕਿਸਮ ਦੇ ਵਪਾਰ ਲਈ ਇਕਸਾਰ, ਪਾਰਦਰਸ਼ੀ ਅਤੇ ਨਿਆਂਸੰਗਤ ਨਿਯਮ ਬਣਾਏ ਜਾਣ, ਤਾਂ ਜੋ ਸੰਤੁਲਿਤ ਮੁਕਾਬਲਾ ਯਕੀਨੀ ਬਣ ਸਕੇ। ਨਾਲ ਹੀ ਜੀਐਸਟੀ ਪ੍ਰਣਾਲੀ ਨੂੰ ਹੋਰ ਸਰਲ, ਸਪਸ਼ਟ ਅਤੇ ਵਿਵਹਾਰਕ ਬਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ। ਪ੍ਰਦੇਸ਼ ਚੇਅਰਮੈਨ ਸ੍ਰੀ ਕ੍ਰਿਸ਼ਨਾ ਲਾਲ ਜਸੂਜਾ,ਫਾਜ਼ਿਲਕਾ ਚੇਅਰਮੈਨ ਸ੍ਰੀ ਪਵਨ ਮੋਦਗਿਲ,ਮੋਗਾ ਸੀਨੀਅਰ ਵਾਈਸ ਪ੍ਰਧਾਨ ਅਰੁਣ ਗੁਪਤਾ ਅਬੋਹਰ ਅਤੇ ਸਕੱਤਰ ਸੰਦੀਪ ਗਰਗ (ਸੀਪਾ) ਗਿਦੜਵਾਹਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਵਪਾਰੀ ਵਰਗ ਆਪਣੇ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਸਚੇਤ ਹੈ ਅਤੇ ਸਰਕਾਰ ਨਾਲ ਸਕਾਰਾਤਮਕ ਸੰਵਾਦ ਰਾਹੀਂ ਹੱਲ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇ ਸਮੇਂ ਸਿਰ ਜ਼ਰੂਰੀ ਸੁਧਾਰ ਨਹੀਂ ਕੀਤੇ ਗਏ ਤਾਂ ਛੋਟੇ ਵਪਾਰੀਆਂ 'ਤੇ ਆਰਥਿਕ ਦਬਾਅ ਵੱਧ ਸਕਦਾ ਹੈ। ਮੀਡੀਆ ਸਲਾਹਕਾਰ ਮਨੀਸ਼ ਗੋਯਲ, ਸੰਜੀਵ ਗਰਗ ਅਤੇ ਸਾਗਰ ਮਿੱਤਲ ਨੇ ਕਿਹਾ ਕਿ ਸੰਗਠਿਤ ਰਹਿ ਕੇ ਹੀ ਵਪਾਰੀ ਵਰਗ ਆਪਣੀ ਗੱਲ ਪ੍ਰਭਾਵਸ਼ਾਲੀ ਢੰਗ ਨਾਲ ਰੱਖ ਸਕਦਾ ਹੈ ਅਤੇ ਐਸੋਸੀਏਸ਼ਨ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸ ਮੌਕੇ 'ਤੇ ਸ੍ਰੀ ਪਵਨ ਮੱਕਰ, ਜੀਵਨ ਕੁਮਾਰ ਸਿੰਗਲਾ, ਸੰਜੇ ਬੰਸਲ, ਸ਼ੱਮੀ ਲਖਾਨੀ, ਰਾਕੇਸ਼ ਦੁੱਗਲ, ਸਤੀਸ਼ ਜਿੰਦਲ, ਜਗਜੀਤ ਸਿੰਘ ਆਹੂਜਾ, ਸੁਰਿੰਦਰ ਪੁੰਛੀ, ਅਜੈ ਮਸਤਾਨੀ, ਪਵਨ ਮੰਗਲ, ਰਾਜੇਸ਼ ਗਰਗ, ਪ੍ਰਿੰਸ ਕੌਸ਼ਿਕ, ਲੀਗਲ ਐਡਵਾਈਜ਼ਰ ਵਿਨੋਦ ਤਿਆਲ, ਜੀਤ ਪਾਲ ਜੈਨ ਸਮੇਤ ਕਈ ਪ੍ਰਮੁੱਖ ਵਪਾਰੀ ਹਾਜ਼ਰ ਰਹੇ।

# ਧੂਰੀ ਵਿਕਾਸ ਮੰਚ ਵੱਲੋਂ ਲੋਕਾਂ ਨੂੰ ਅਫ਼ਵਾਹਾਂ 'ਤੇ ਯਕੀਨ ਨਾ ਕਰਨ ਦੀ ਅਪੀਲ

## ਬਣ ਰਹੇ ਹਾਲਾਤਾਂ 'ਤੇ ਸਰਕਾਰਾਂ ਅਤੇ ਲੋਕਾਂ ਨੂੰ ਸੰਜੀਦਗੀ ਦਿਖਾਉਣ ਦੀ ਲੋੜ



**ਧੂਰੀ ( ਰਣਜੀਤ ਸਿੰਘ ਪੇਧਨੀ )**- ਅੱਜ ਇੱਥੇ 'ਧੂਰੀ ਵਿਕਾਸ ਮੰਚ' (ਰਜਿ:) ਦੇ ਅਹੁਦੇਦਾਰਾਂ ਦੀ ਇੱਕ ਮੀਟਿੰਗ 'ਚ ਦੇਸ਼ ਪੱਧਰ 'ਤੇ ਪੈਦਾ ਹੋ ਰਹੇ ਮੌਜੂਦਾ ਸਮਾਜਿਕ ਅਤੇ ਆਰਥਿਕ ਹਾਲਾਤਾਂ 'ਤੇ ਡੂੰਘੀ ਚਿੰਤਾ ਪ੍ਰਗਟਾਈ ਗਈ। ਮੰਚ ਦੇ ਪ੍ਰਧਾਨ ਅਮਨ ਗਰਗ, ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਸਕੱਤਰ ਜਨਰਲ ਹੰਸ ਰਾਜ ਬਜਾਜ, ਸੀਨੀਅਰ ਮੀਤ ਪ੍ਰਧਾਨ ਸੰਦੀਪ ਬਾਂਸਲ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਲੋਕ-ਹਿੱਤ ਵਿੱਚ ਸਖ਼ਤ ਕਦਮ ਚੁੱਕਣ ਦੀ ਅਪੀਲ ਕੀਤੀ।ਆਗੂਆਂ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ 'ਤੇ ਮੁੜ 'ਲੌਕਡਾਊਨ' ਲੱਗਣ ਦੀਆਂ ਅਫਵਾਹਾਂ ਕਾਰਨ ਆਮ ਜਨਤਾ ਵਿੱਚ ਭਾਰੀ ਸਹਿਮ ਅਤੇ ਘਬਰਾਹਟ ਦਾ ਮਾਹੌਲ ਹੈ। ਇਸ ਸਥਿਤੀ ਦਾ ਨਾਜਾਇਜ਼ ਫਾਇਦਾ ਉਠਾਉਂਦੇ ਹੋਏ ਕੁਝ ਮੁਨਾਫਾਖੋਰ ਮਾਰਕੀਟ ਵਿੱਚ ਜਮਾਂਖੋਰੀ ਅਤੇ ਕਾਲਾਬਜ਼ਾਰੀ ਕਰ ਰਹੇ ਹਨ। ਤੇਲ ਅਤੇ ਰਸੋਈ ਗੈਸ ਦੀ ਕਮੀ ਹੋਣ ਦਾ ਡਰ ਦਿਖਾ ਕੇ ਚੀਜ਼ਾਂ ਦੀਆਂ ਕੀਮਤਾਂ ਵਧਾਈਆਂ ਜਾ ਰਹੀਆਂ ਹਨ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਅਜਿਹੀਆਂ ਅਫਵਾਹਾਂ 'ਤੇ ਤੁਰੰਤ ਵਿਰਾਮ ਲਗਾਉਣ ਅਤੇ ਜ਼ਰੂਰੀ ਵਸਤਾਂ ਦੀ ਨਿਗਰਾਨੀ ਲਈ ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਜਾਣ।

ਮੰਚ ਦੇ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਕੀਤੇ ਗਏ ਭਾਰੀ ਵਾਧੇ ਦੀ ਨਿਖੇਧੀ ਕਰਦਿਆਂ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਲੋਕ ਪਹਿਲਾਂ ਹੀ ਪਿਛਲੇ ਲੌਕਡਾਊਨ ਦੀ ਆਰਥਿਕ ਮਾਰ ਤੋਂ ਉੱਭਰ ਨਹੀਂ ਸਕੇ ਹਨ, ਅਜਿਹੇ ਵਿੱਚ ਮਹਿੰਗਾਈ ਦਾ ਵਾਧੂ ਬੋਝ ਲੋਕਾਂ ਦਾ ਲੱਕ ਤੋੜ ਦੇਵੇਗਾ। ਆਗੂਆਂ ਨੇ ਵਿਸ਼ਵ ਪੱਧਰ 'ਤੇ ਅਮਰੀਕਾ, ਇਜ਼ਰਾਈਲ ਅਤੇ ਇਰਾਨ ਵਿਚਾਲੇ ਪੈਦਾ ਹੋਏ ਤਣਾਅਪੂਰਨ ਹਾਲਾਤਾਂ ਦਾ ਹਵਾਲਾ ਦਿੰਦਿਆਂ ਲੋਕਾਂ ਨੂੰ ਸੁਚੇਤ ਕਰਦਿਆਂ ਅੰਤਰਰਾਸ਼ਟਰੀ ਅਸਥਿਰਤਾ ਕਾਰਨ ਸਾਨੂੰ ਸਾਰਿਆਂ ਨੂੰ ਜ਼ਿੰਮੇਵਾਰੀ ਦਿਖਾਉਂਦੇ ਹੋਏ ਜਮਾਂਖੋਰੀ ਕਰਨ ਤੋ ਗੁਰੇਜ ਕਰਦਿਆਂ ਪੈਟਰੋਲ, ਡੀਜ਼ਲ ਅਤੇ ਘਰੇਲੂ ਗੈਸ ਦੀ ਵਰਤੋਂ 'ਚ ਸੰਜਮ ਲਿਆਉਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 44ਵਾਂ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਭਿੱਖੀਪੁਰਾ, ਦਾਊਦਪੁਰਾ ਨੇੜੇ ਖੇਮਕਰਨ ਬਾਡਰ ਤੋਂ ਅਰੰਭ

## ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਪ੍ਰਬੰਧਾਂ ਹੇਠ ਪਿੰਡਾਂ ਵਿੱਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਭਾਈ ਜਾ ਰਹੀ ਹੈ ਸੇਵਾ










ਫੋਟੋ ਦਾ ਵੇਰਵਾ : ਹਰਪ੍ਰੀਤ ਸਿੰਘ ਪਠਲਾਵਾ

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 44ਵਾਂ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਬਿੱਬੀਪੁਰਾ, ਦਾਊਦਪੁਰਾ ਨੇੜੇ ਖੇਮਕਰਨ ਬਾਰਡਰ ਤੋਂ ਅਰੰਭ

## ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਪ੍ਰਬੰਧਾਂ ਹੇਠ ਪਿੰਡਾਂ ਵਿੱਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਭਾਈ ਜਾ ਰਹੀ ਹੈ ਸੇਵਾ
















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਸਰਕਾਰ ਨੇ ਲੋਕਾਂ ਦੇ ਹਿੱਤਾਂ ਲਈ ਕੀਤੇ ਗਏ ਹਰੇਕ ਵਾਅਦੇ ਨੂੰ ਕੀਤਾ ਪੂਰਾ

# ਕੈਬਨਿਟ ਮੰਤਰੀ ਈ.ਟੀ.ਓ. ਨੇ ਲੋਕਾਂ ਨੂੰ ਸਰਕਾਰ ਦੀਆਂ ਚਾਰ ਸਾਲ ਦੀਆਂ ਪ੍ਰਾਪਤੀਆਂ ਤੋਂ ਕਰਵਾਇਆ ਜਾਣੂ

ਜੰਡਿਆਲਾ ਗੁਰੂ 26 ਮਾਰਚ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਹਲਕੇ ਦੇ ਪਿੰਡ ਛਾਪਾ ਰਾਮ ਸਿੰਘ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਸ਼ੁਰੂ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ। ਉਨਾਂ ਕਿਹਾ ਕਿ ਆਮ ਤੌਰ ਤੇ ਵੇਖਣ ਵਿੱਚ ਆਉਂਦਾ ਸੀ ਕਿ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ। ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਸ: ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ। ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ।



ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ,ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ। ਕੈਬਨਿਟ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ ਬਲਜਿੰਦਰ ਸਿੰਘ, ਸਰਪੰਚ ਸ਼ਿਵਰਾਜ ਸਿੰਘ , ਬਲਾਕ ਸੰਮਤੀ ਮੈਂਬਰ ਪਰਮਜੀਤ ਕੋਰ, ਸਰਪੰਚ ਪਿੰਡ ਛਾਪਾ ਸਿੰਘ ਪਲਵਿੰਦਰ ਕੋਰ, ਸ: ਕੁਲਦੀਪ ਸਿੰਘ ਬੱਬਲੂ, ਸਰਪੰਚ ਇੰਦਰਜੀਤ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰ ਨਿੱਜੀ ਹਸਪਤਾਲਾਂ ਵਿਚ ਮਰੀਜਾਂ ਦੀ ਹੁੰਦੀ ਅੰਨ੍ਹੀ ਲੁੱਟ ਤੇ ਸਖਤ ਐਕਸ਼ਨ ਲਵੇ—ਫੈਡਰੇਸ਼ਨ ਮਹਿਤਾ

# ਫਜ਼ੂਲ ਟੈਸਟਾਂ ਅਤੇ ਹੋਰ ਖਰਚਿਆਂ ਤੋਂ ਗਰੀਬ ਮਰੀਜਾਂ ਨੂੰ ਬਚਾਇਆ ਜਾਵੇ—ਭਾਈ ਜਸਪਾਲ ਸਿੰਘ



**ਫ਼ਿਰੋਜ਼ਪੁਰ, 26 ਮਾਰਚ (ਮਨੋਹਰ ਲਾਲ):—** ਨਿੱਜੀ ਹਸਪਤਾਲਾਂ ਵਿਚ ਮਰੀਜਾਂ ਦੇ ਬੇਲੋੜੇ ਖਰਚੇ ਪਾ ਕੇ ਆਪਣੀ ਕਮਾਈ ਵਿਚ ਵਾਧਾ ਕਰਨ ਅਤੇ ਗਰੀਬ ਮਰੀਜਾਂ ਤੇ ਭਾਰੀ ਬਿੱਲ ਬਣਾ ਕੇ ਉਨ੍ਹਾਂ ਤੇ ਉਨ੍ਹਾਂ ਦੀ ਹੈਸੀਅਤ ਤੋਂ ਵੱਧ ਬੋਝ ਪਾਉਣ ਦਾ ਉੱਘੀ ਸਮਾਜ ਸੇਵੀ ਅਤੇ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਗੰਭੀਰ ਨੋਟਿਸ ਲੈਂਦਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਨਿੱਜੀ ਹਸਪਤਾਲਾਂ ਵਿਚ ਮਰੀਜਾਂ ਦੀ ਹੁੰਦੀ ਅੰਨ੍ਹੀ ਲੁੱਟ ਤੇ ਸਖਤ ਐਕਸ਼ਨ ਲਵੇ। ਅੱਜ ਇਸ ਗੰਭੀਰ ਮਸਲੇ ਤੇ ਪ੍ਰੈਸ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਜਥੇਬੰਦੀ ਦੇ ਕੌਮੀ ਸੀਨੀਅਰ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਜਨਰਲ ਸਕੱਤਰ ਉਡੀਕ ਸਿੰਘ ਕੁੰਡ ਅਤੇ ਗਗਨਦੀਪ ਸਿੰਘ ਚਾਵਲਾ ਕੌਮੀ ਮੀਤ ਪ੍ਰਧਾਨ, ਮਨਜੀਤ ਸਿੰਘ ਔਲਖ ਅਤੇ ਸੁਖਦੇਵ ਸਿੰਘ ਲਾਡਾ, ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ ਅਤੇ ਸਾਥੀਆਂ ਨੇ ਰੋਹ ਭਰੇ ਸ਼ਬਦਾਂ ਵਿਚ ਸਰਕਾਰ ਤੋਂ ਮੰਗ ਕੀਤੀ ਕਿ ਉਹ ਤੁਰੰਤ ਐਕਸ਼ਨ ਲੈ ਕੇ ਇਕ ਕਮੇਟੀ ਜਾਂ ਬੋਰਡ ਦਾ ਗਠਨ ਕਰੇ, ਜਿਸ ਨਾਲ ਮਰੀਜ ਦੇ ਉਸ ਦੇ ਰੋਗ ਨਾਲ ਸਬੰਧਤ ਹੀ ਟੈਸਟ ਹੋਣ ਅਤੇ ਹੋਰ ਨਜਾਇਜ਼ ਖਰਚਿਆਂ ਤੋਂ ਵੀ ਬਚਾਇਆ ਜਾਵੇ। ਉਕਤ ਆਗੂਆਂ ਨੇ ਕਿਹਾ ਕਿ ਉਨ੍ਹਾਂ ਦੇ ਨੋਟਿਸ ਵਿਚ ਆਇਆ ਹੈ ਕਿ ਗਰੀਬ ਮਰੀਜ ਕਿਸੇ ਬਿਮਾਰੀ ਦਾ ਸ਼ਿਕਾਰ ਹੋ ਜਾਂਦੇ ਹਨ ਤਾਂ ਹਸਪਤਾਲ ਦੇ ਪ੍ਰਬੰਧਕਾਂ ਵੱਲੋਂ ਮਰੀਜਾਂ ਦੀ ਮਾੜੀ ਹਾਲਤ ਨੂੰ ਨਹੀਂ ਵੇਖਿਆ ਜਾਂਦਾ ਅਤੇ ਕਈ ਆਪਣੀ ਕਮਾਈ ਦੀ ਖਾਤਰ ਕਈ ਨਜਾਇਜ ਟੈਸਟ ਕੀਤੇ ਜਾਂਦੇ ਹਨ ਅਤੇ ਹੋਰ ਕਈ ਫਾਲਤੂ ਖਰਚੇ ਵੀ ਪਾਏ ਜਾਂਦੇ ਹਨ, ਜਿਨ੍ਹਾਂ ਦਾ ਮਰੀਜ ਵੱਲੋਂ ਭੁਗਤਾਨ ਨਾ ਹੋਣ ਕਰਕੇ ਮਰੀਜ ਅਤੇ ਉਨ੍ਹਾਂ ਦੇ ਪਰਿਵਾਰ ਸਦਮਾ ਨਾ ਸਹਾਰਦੇ ਹੋਏ ਉਹ ਆਪ ਵੀ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਜਾਂਦੇ ਹਨ, ਜਿਸ ਦਾ ਸਰਕਾਰ ਨੂੰ ਤੁਰੰਤ ਹੱਲ ਕੱਢਣਾ ਚਾਹੀਦਾ ਹੈ। ਇਸ ਸਮੇਂ ਉਨ੍ਹਾਂ ਨਾਲ ਡਾ: ਗੁਰਮੀਤ ਸਿੰਘ, ਜਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਲੋਕੋ, ਅਮਰ ਸਿੰਘ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਗੁਰਮੇਲ ਸਿੰਘ ਭੇਡੀਆ, ਮਿਹਰ ਸਿੰਘ ਕਲਸੀ, ਰਣਜੀਤ ਸਿੰਘ ਬਬਲੂ, ਮਿਹਰ ਸਿੰਘ ਜ਼ੋਸਨ ਸਮੇਤ ਕਈ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਹਗਾ ਬਾਰਡਰ ਖੁਲਵਾਉਣ ਲਈ 28 ਮਾਰਚ ਨੂੰ ਹੋਵੇਗਾ ਵੱਡਾ ਇਕੱਠ—ਭੁੱਲਰ

ਫ਼ਿਰੋਜ਼ਪੁਰ, 26 ਮਾਰਚ (ਮਨੋਹਰ ਲਾਲ):— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲਾ ਫਿਰੋਜਪੁਰ ਦੇ ਪ੍ਰਧਾਨ ਅਤੇ ਪੀ.ਏ.ਸੀ ਮੈਂਬਰ ਗੁਰਚਰਨ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਪਾਰਟੀ ਵੱਲੋਂ 28 ਮਾਰਚ 2026 ਦਿਨ ਸ਼ਨੀਵਾਰ ਨੂੰ ਵਾਹਗਾ ਅਟਾਰੀ ਬਾਰਡਰ ਮੁਕੰਮਲ ਖਲਾਉਣ ਵਾਸਤੇ ਬਹੁਤ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਸੈਂਟਰ ਦੀ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ ਅਤੇ ਸਾਡੇ ਪੰਜਾਬ ਦੇ ਹੁਸੈਨੀਵਾਲਾ ਬਾਰਡਰ, ਸੁਲੇਮਾਨਕੀ ਬਾਰਡਰ ਅਤੇ ਵਾਹਗਾ ਅਟਾਰੀ ਬਾਰਡਰਾਂ ਨੂੰ ਸੀਲ ਕਰਕੇ ਰੱਖਿਆ ਹੋਇਆ ਹੈ। ਸੈਂਟਰ ਸਰਕਾਰ ਵੱਲੋਂ ਸਦਾ ਪੰਜਾਬ ਦੇ ਲੋਕਾਂ ਨੂੰ ਕਿਹਾ ਜਾਂਦਾ ਹੈ ਪਾਕਿਸਤਾਨ ਨਾਲ ਸਾਡੇ ਸੰਬੰਧ ਨਾਜ਼ੁਕ ਹਨ, ਸਾਨੂੰ ਦੱਸਿਆ ਜਾਵੇ ਜੇ ਪੰਜਾਬ ਦੀਆਂ ਵਸਤੂਆਂ ਗੁਜਰਾਤ ਅਤੇ ਹੋਰ ਬੰਦਰਗਾਹਾਂ ਰਾਹੀ ਸਾਡੇ ਨਜਦੀਕ ਲਾਹੌਰ ਤੱਕ ਹਜਾਰਾਂ ਕਿਲੋਮੀਟਰ ਵੱਲ ਦੀ ਘੁਮਾ ਕੇ ਭੇਜੀਆਂ ਜਾਦੀਆਂ ਹਨ ਅਤੇ ਚੋਗਣਾ ਖਰਚਾ ਕੀਤਾ ਜਾਦਾ ਹੈ ਫਿਰ ਪਾਕਿਸਤਾਨ ਨਾਲ ਸਬੰਧ ਸਹੀ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਦਾ ਵਪਾਰੀ ਖਤਮ ਕਰ ਦਿੱਤਾ ਹੈ ਅਤੇ ਗੁਜਰਾਤ ਦੇ ਵਪਾਰੀਆਂ ਨੂੰ ਪ੍ਰਫੁਲਿਤ ਕੀਤਾ ਜਾ ਰਿਹਾ ਹੈ, ਜੇਕਰ ਪੰਜਾਬ ਦੇ ਬਾਰਡਰ ਖੋਲੇ ਜਾਂਦੇ ਹਨ ਤਾਂ ਇਧਰ ਦੀ ਤੇਲ, ਗੈਸ, ਖਣਜ ਪਦਾਰਥ ਆਦਿ ਆਉਂਦੇ ਹਨ ਤਾਂ ਪੰਜਾਬ ਨੂੰ ਰੇਟ ਵੀ ਸਸਤੇ ਵਿੱਚ ਹਰ ਚੀਜ ਮਿਲੇਗੀ ਅਤੇ ਪੰਜਾਬ ਤੇ ਪੰਜਾਬ ਦੇ ਵਪਾਰੀ, ਦੁਕਾਨਦਾਰ, ਟਰਾਸਪੋਰਟਰ, ਮਜਦੂਰ, ਹੋਟਲ, ਕਿਸਾਨ ਆਦਿ ਖੁਸ਼ਹਾਲ ਹੋਣਗੇ। ਇਸ ਲਈ ਸਮੂਹ ਜੰਥੇਬੰਦੀਆਂ ਵਪਾਰੀਆਂ, ਦੁਕਾਨਦਾਰਾਂ, ਮਜਦੂਰਾਂ, ਹੋਟਲ ਮਾਲਕਾਂ, ਕਿਸਾਨ ਜੰਥੇਬੰਦੀਆਂ, ਸਾਰੀਆਂ ਪਾਰਟੀਆਂ ਦੇ ਲੀਡਰ ਸਾਹਿਬਾਨ ਅਤੇ ਸਮੂਹ ਪੰਜਾਬ ਹਿਤੈਸ਼ੀਆਂ ਨੂੰ ਬੇਨਤੀ ਹੈ ਕਿ ਮਿਤੀ 28 ਮਾਰਚ 2026 ਦਿਨ ਸ਼ਨੀਵਾਰ ਨੂੰ ਆਪਣੇ ਸਾਧਨਾਂ ਰਾਹੀਂ ਪਹੁੰਚ ਕੇ ਸੈਂਟਰ ਸਰਕਾਰ ਤੱਕ ਅਵਾਜ ਪਹੁਚਾਈਏ ਤਾਂ ਕਿ ਪੰਜਾਬ ਦੇ ਬਾਰਡਰ ਖੁਲਵਾਏ ਜਾ ਸਕਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਦੋ ਦਾ ਹੋਂਦ ਵਿੱਚ ਆਇਆ ਹੈ ਹਮੇਸ਼ਾ ਪੰਜਾਬ ਦੇ ਬਾਰਡਰਾਂ ਨੂੰ ਖਲਾਉਣ ਵਾਸਤੇ ਅਵਾਜ਼ ਉਠਾਉਦਾ ਆ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



# ਮਨਧੀਰ ਕੌਰ ਮਨੂੰ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਟੇਕਿਆ ਮੱਥਾ ਮਨਧੀਰ ਕੌਰ ਮਨੂੰ ਦਾ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨ

### ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਕੇ ਮਾਨਸਿਕ ਤੌਰ ਸ਼ਾਤੀ ਮਿਲਦੀ ਹੈ ਮਨਧੀਰ ਕੌਰ



ਜੰਡਿਆਲਾ ਗੁਰੂ 26 ਮਾਰਚ ( ਕੁਲਵੰਤ ਸਿੰਘ ਵਿਰਦੀ ) ਰੇਡੀਓ ਆਪਣਾ/ ਟੀ ਵੀ ਆਪਣਾ ਵਿੰਨੀਪਗ ਕੈਨੇਡਾ ਦੇ ਮਾਲਕ/ਸੰਚਾਲਕ ਸ੍ਰੀਮਤੀ ਮਨਧੀਰ ਕੌਰ ਮਨੂੰ ਆਪਣੇ ਰਿਸਤੇਦਾਰਾਂ ਐਡਵੋਕੇਟ ਅਮਨਪ੍ਰੀਤ ਗਿੱਲ ਤੇ ਸ੍ਰੀਮਤੀ ਮੋਨਿਕਾ ਗਿੱਲ ਸਮੇਤ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਅਤੇ ਗੁਰੂਘਰ ਪ੍ਰਤੀ ਸਰਧਾ ਪ੍ਰਗਟ ਕਰਨ ਲਈ ਪੁਜੇ ਸੂਚਨਾ ਕੇਂਦਰ ਵਿਖੇ ਸੂਚਨਾ ਅਧਿਕਾਰੀ ਰਣਧੀਰ ਸਿੰਘ,ਜਗਤਾਰ ਸਿੰਘ ਖੋਦੇਬੇਟ ਇੰਚਾਰਜ ਪਬਲੀਸਿਟੀ ਵਿਭਾਗ ਅਤੇ ਸਤਨਾਮ ਸਿੰਘ ਗਾਈਡ ਵਲੋ ਨਿੱਘਾ ਸਵਾਗਤ ਤੇ ਸਨਮਾਨ ਕੀਤਾ ਗਿਆ। ਸ੍ਰੀਮਤੀ ਮਨੂੰ ਨੇ ਕਿਹਾ ਕਿ ਉਹਨਾਂ ਦੀ ਦਰਸ਼ਨ ਕਰਨ ਮਨੋਕਾਮਨਾ ਪੂਰੀ ਹੋਈ ਹੈ ਸ੍ਰੀ ਦਰਬਾਰ ਸਾਹਿਬ ਦੇ ਦਰਸਨ ਕਰਕੇ ਮਾਨਸਿਕ ਤੌਰ ਸ਼ਾਤੀ ਮਿਲੀ ਹੈ।ਇਸ ਪਵਿੱਤਰ ਅਸਥਾਨ ਤੇ ਸਾਰੇ ਧਰਮਾਂ ਦੀ ਸੰਗਤ ਆਪਣੀਆਂ ਮਨੋਕਾਮਨਾਵਾਂ ਦੀ ਪੂਰਤੀ ਤੇ ਤੁੰਦਰੁਸਤੀ ਲਈ ਅਰਦਾਸ ਕਰਨ ਲਈ ਆਉਦੇ ਹਨ। ਉਹਨਾਂ ਨੂੰ ਇਥੇ ਪੁਜਕੇ ਬੇਹੱਦ ਖੁਸੀ ਹੋਈ ਹੈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਮਨਧੀਰ ਕੌਰ ਮਨੂੰ ਦਾ ਸ੍ਰੀ ਦਰਬਾਰ ਸਾਹਿਬ ਜੀ ਦੇ ਸੂਚਨਾ ਅਧਿਕਾਰੀ ਰਣਧੀਰ ਸਿੰਘ ਅਤੇ ਜਗਤਾਰ ਸਿੰਘ ਖੋਦੇਬੇਟ ਇੰਚਾਰਜ ਪਬਲੀਸਿਟੀ ਵਿਭਾਗ ਵੱਲੋਂ ਯਾਦਗਾਰੀ ਚਿੰਨ੍ਹ ਦੇ ਕਿ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਜੀ.ਪੀ.ਸੀ. ਦੇ ਖਿਲਾਫ ਐਫ.ਆਈ.ਆਰ. ਨੰ.297 ਅਤੇ 298 ਸਾਲ 2022 ਦੀ ਮਾਨਯੋਗ ਹਾਈਕੋਰਟ ਨੇ ਇਕ ਸਿਟ ਬਣਾ ਕੇ 30 ਦਿਨਾਂ ਦੇ ਵਿਚ-ਵਿਚ ਇਨਵੈਸਟੀਗੇਸ਼ਨ ਕਰਕੇ 15 ਦਿਨਾਂ ਵਿਚ ਚਲਾਣ ਪੇਸ਼ ਕਰਨ ਦੇ ਹੁਕਮ ਕੀਤੇ ਜਾਰੀ :ਹਰਪਾਲ ਸਿੰਘ ਯੂ.ਕੇ.

**ਚੌਕ ਮਹਿਤਾ, 26 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਐਸ.ਜੀ.ਪੀ.ਸੀ. ਟਾਸਕ ਫੋਰਸ ਵਲੋਂ ਕੀਤੀ ਧੱਕੇਸ਼ਾਹੀ ਤੇ ਅੰਮ੍ਰਿਤਸਰ ਦੀ ਪੁਲਿਸ ਨੇ ਯੋਗ ਕਾਰਵਾਈ ਨਹੀਂ ਕੀਤੀ ਗਈ ਕਾਨੂੰਨ ਦੇ ਅਨੁਸਾਰ ਬਣਦੀਆਂ ਧਰਾਵਾਂ ਨਾ ਲਾਈਆ ਅਤੇ ਨਾ ਹੀ ਬੰਦੇ ਨਾਮਜਦ ਕੀਤੇ ਤਾਂ ਅਸੀਂ ਤਿੰਨ ਸਾਲ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਮਿਲਦੇ ਰਹੇ ਪਰ ਐਸ.ਜੀ.ਪੀ.ਸੀ. ਇਕ ਰਾਜਨੀਤਿਕ ਧਿਰ ਨਾਲ ਸਬੰਧ ਰੱਖਣ ਕਰਕੇ ਪੁਲਿਸ ਉਹਨਾਂ ਦਾ ਵਾਲ ਵਿੰਗਾ ਨਾ ਕਰ ਸਕੀ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਹਰਪਾਲ ਸਿੰਘ ਯੂ.ਕੇ ਨੇ ਪ੍ਰੈਸ ਕਾਨਫੰਰਸ ਦੌਰਾਨ ਦੱਸਿਆ ਕਿ ਮੈਨੂੰ ਧਮਕੀਆਂ ਦਿੰਦੇ ਹਨ ਕਹਿੰਦੇ ਕਿ ਤੂੰ ਐਨ.ਆਰ.ਆਈ. ਸ਼ਹਿਰ ਛੱਡ ਜਾ ਨਹੀ ਤਾਂ ਤੈਨੂੰ ਅਸੀਂ ਮਰਵਾ ਦੇਵਾਂਗੇ ਇਸ ਸਬੰਧੀ ਮੈਂ ਬਹੁਤ ਸਾਰੀਆਂ ਦਰਖਾਸਤਾਂ ਦਿੱਤੀਆ। ਜਿਸ ਵਿਚ ਮੇਰੇ ਕੋਲ ਵੀਡਿਉ ਅਤੇ ਫੋਟੋਗ੍ਰਾਫ ਵੀ ਮੋਜੂਦ ਹਨ। ਫਿਰ ਮੈਂ ਮਾਨਯੋਗ ਹਾਈਕੋਰਟ ਵਿਚ ਰਿਟ ਨੰ.7388 ਪਾਈ ਜਿਸ ਕਾਰਨ ਪਰਚਾ ਹੋਇਆ ਅਤੇ ਮੈਨੂੰ ਇਕ ਗੰਨਮੈਨ ਦਿੱਤਾ ਗਿਆ। ਪਰ ਜਿਹੜੇ ਤੰਬੂ ਇਹਨਾਂ ਨੇ ਰੋਡ ਦੇ ਬਾਹਰ ਲਾਏ ਸੀ ਉਹ ਮਾਨਯੋਗ ਦੀਆਂ ਡਿਰੈਕਸ਼ਨਾਂ ਤੇ ਤੰਬੂ ਲੈ ਕੇ ਇਹ ਭੱਜ ਗਏ। ਫਿਰ ਅਸੀਂ ਇਕ ਰਿਟ CRM-M-7560-2023 ਪਾਈ ਕਿ ਇਹਨਾਂ ਦੇ ਬਾਕੀ ਮੁਲਜਮ ਵੀ ਨਾਮਜਦ ਕੀਤੇ ਜਾਣ ਅਤੇ ਵਾਧਾ ਜੁਰਮ ਅਤੇ ਜੇ.ਸੀ.ਬੀ. ਮਸ਼ੀਨ ਨੂੰ ਜੋ ਇਹਨਾਂ ਨੇ ਮੌਕੇ ਤੇ ਫੜ ਲਈ ਸੀ ਉਸ ਸਮੇਂ ਦੇ ਮਾਨਯੋਗ ਐਸ.ਐਚ.ਓ. ਸਾਹਿਬ ਨੇ ਛੱਡ ਦਿੱਤਾ ਸੀ। ਇਸ ਤਰਾਂ ਅਸੀਂ ਦੋ ਤਿੰਨ ਸਾਲ ਧੱਕੇ ਖਾਂਦੇ ਰਹੇ ਫਿਰ ਮਿਤੀ 25-03-2026 ਨੂੰ ਮਾਨਯੋਗ ਹਾਈਕੋਰਟ ਨੇ ਡੀ.ਜੀ.ਪੀ. ਸਾਹਿਬ ਜੀ ਨੂੰ ਇਕ ਸਿਟ ਬਣਾਉਣ ਦੇ ਹੁਕਮ ਦਿੱਤੇ (ਸਪੈਸ਼ਲ ਇਨਵੈਸਟੀਗੇਸ਼ਨ ਟੀਮ ਬਣਾ ਕੇ) ਜਿਸ ਵਿਚ ਅੰਮ੍ਰਿਤਸਰ ਦਾ ਕੋਈ ਵੀ ਪੁਲਿਸ ਅਫਸਰ ਨਹੀ ਹੋਵੇਗਾ। ਇਹ ਸਾਰੇ ਬਾਹਰੋਂ ਬਣਾ ਕੇ 30 ਦਿਨਾਂ ਵਿਚ ਪਰੋਪਰ ਇਨਵੈਸਟੀਗੇਸ਼ਨ ਅਤੇ 15 ਦਿਨਾਂ ਵਿਚ ਚਲਾਣ ਪੇਸ਼ ਕਰਨ ਅਤੇ ਮਿਤੀ 01-07-2026 ਨੂੰ ਰਿਪੋਰਟ ਪੇਸ਼ ਕਰਨ ਦੇ ਹੁਕਮ ਜਾਰੀ ਕੀਤੇ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰ ਭਗਵੰਤ ਮਾਨ ਸਰਕਾਰ ਨੇ ਆਪਣੇ ਸਰਕਾਰ ਨੇ 100 ਫ਼ੀਸਦੀ ਚੋਣ ਵਾਅਦੇ ਪੂਰੇ ਕੀਤੇ: ਸ:ਚੇਅਰਮੈਨ ਹਰਜਿੰਦਰ ਰੰਧਾਵਾ

**ਚੌਕ ਮਹਿਤਾ, 26 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਤਿਹਾਸ ਰਚਦੇ ਹੋਏ ਆਪਣੇ ਸਾਰੇ ਚੋਣ ਵਾਅਦੇ ਪੂਰੇ ਕੀਤੇ ਹਨ ਅਤੇ ਇਹ ਦੇਸ਼ ਦੀ ਪਹਿਲੀ ਸਰਕਾਰ ਹੈ,ਜਿਸ ਨੇ100 ਫੀਸਦ ਵਾਧੇ ਜ਼ਮੀਨੀ ਪੱਧਰ 'ਤੇ ਲਾਗੂ ਕੀਤੇ ਹਨ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਸਹਿਤ ਬਿਜਲੀ ਰੋਜ਼ਗਾਰ ਅਤੇ ਮਹਿਲਾ ਭਲਾਈ ਵਰਗੇ ਖੇਤਰਾਂ ਵਿੱਚ ਕਈ ਮਹੱਤਵਪੂਰਨ ਫੈਸਲੇ ਕੀਤੇ ਗਏ ਹਨ, ਮੁਫਤ-ਬਿਜਲੀ ਸਕੂਲਾਂ ਦੀ ਆਧੁਨਿਕਤਾ ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਅਤੇ ਨੌਜਵਾਨਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਕਰਨ ਵਿੱਚ ਵੱਡੀ ਉਪਲਬਧੀ ਵਜੋਂ ਪੇਸ਼ ਕੀਤਾ ਜਾ ਰਿਹਾ ਹੈ ਉਹਨਾਂ ਅੱਗੇ ਕਿਹਾ ਕਿ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕਰਨਾ ਉਹਨਾਂ ਦੀ ਸਰਕਾਰ ਦੀ ਪਹਿਲ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਰਫਤਾਰ ਜਾਰੀ ਰਹੇਗੀ। ਉਹਨਾਂ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ ਵਾਅਦਾ ਕਰਨਾ ਨਹੀਂ ਬਿਲਕੁਲ ਉਹਨਾਂ ਨੂੰ ਪੂਰਾ ਕਰਕੇ ਲੋਕਾਂ ਨਾਲ ਭਰੋਸਾ ਜਿਤਨਾ ਹੈ ਅਤੇ 2027 ਵਿੱਚ ਪੰਜਾਬ ਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਾ ਹੈ



ਬਾਬਾ ਈਸ਼ਰ ਸਿੰਘ ਨਾਨਕਸਰ ਵਾਲਿਆਂ ਦੇ 113ਵੇਂ ਜਨਮ ਦਿਵਸ ’ਤੇ

# ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਸਨਮਾਨ



ਕੋਰੜਾ ਨਜ਼ਦੀਕ ਰਾਏਕੋਟ ਵਿਖੇ ਬਾਬਾ ਈਸ਼ਰ ਸਿੰਘ ਨਾਨਕਸਰ ਵਾਲਿਆਂ ਦੇ 113ਵੇਂ ਜਨਮ ਦਿਵਸ ’ਤੇ ਇੱਕ ਸਮਾਗਮ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਘਾਲਾ ਸਿੰਘ ਨਾਨਕਸਰ, ਪੰਥਕ ਬੁਲਾਰੇ ਤੇ ਉੱਘੇ ਸਿੱਖ ਵਿਦਵਾਨ ਭਗਵਾਨ ਸਿੰਘ ਜੌਹਲ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਗੇਜਾ ਸਿੰਘ ਨਾਨਕਸਰ, ਅਮਰਜੀਤ ਸਿੰਘ ਭਾਜਪਾ ਆਗੂ ਅਤੇ ਹੋਰ ਪਤਵੰਤੇ ਸੱਜਣ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਪਿੰਡ ਖੱਬੇ ਰਾਜਪੂਤਾਂ ਵਿਖੇ ਤਿਆਰ ਕੀਤੇ ਜਾ ਰਹੇ ਖੇਡ ਸਟੇਡੀਅਮ ਦੇ ਕਾਰਜਾਂ ਦਾ ਸ੍ਰ ਈ.ਟੀ.ਓ ਨੇ ਲਿਆ ਜਾਇਜ਼ਾ

# ਸੜਕਾਂ ਦੀ ਗੁਣਵਤਾ ਨੂੰ ਚੈੱਕ ਕਰਨ ਲਈ ਮੁੱਖ ਮੰਤਰੀ ਵਲੋਂ ਫਲਾਇੰਗ ਸੁਕੈਅਡ ਦਾ ਕੀਤਾ ਗਠਨ



**ਜੰਡਿਆਲਾ ਗੁਰੂ, 26 ਮਾਰਚ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਵਲੋਂ ਸੂਬੇ ਭਰ ਵਿੱਚ ਨਵੀਆਂ ਸੜ੍ਹਕਾਂ ਬਣਾਉਣ ਦਾ ਕੰਮ ਵੱਡੀ ਪੱਧਰ ਤੇ ਚਲ ਰਿਹਾ ਹੈ ਅਤੇ 45 ਹਜ਼ਾਰ ਕਿਲੋਮੀਟਰ ਸੜ੍ਹਕਾਂ ਨਵੀਆਂ ਬਣਾਉਣ ਦੇ ਨਾਲ ਪੁਰਾਣੀਆਂ ਸੜ੍ਹਕਾਂ ਨੂੰ ਮਜ਼ਬੂਤ ਤੇ ਚੋੜਾ ਵੀ ਕੀਤਾ ਜਾ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜਮੀਨੀ ਪੱਧਰ ਤੇ ਪੁੱਜ ਕੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਖੱਬੇ ਰਾਜਪੂਤਾਂ ਵਿਖੇ ਤਕਰੀਬਨ 1 ਕਰੋੜ 73 ਲੱਖ 82 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾ ਰਹੇ ਖੇਡ ਸਟੇਡੀਅਮ ਦੇ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ। ਉਨਾਂ ਦੱਸਿਆ ਕਿ ਇਸ ਸਟੇਡੀਅਮ ਦਾ ਕੰਮ 25 ਨਵੰਬਰ 2025 ਨੂੰ ਸ਼ੁਰੂ ਕੀਤਾ ਗਿਆ ਸੀ ਅਤੇ ਇਸ ਦੇ ਕੰਮ ਜੂਨ 2026 ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ ਉਨ੍ਹਾਂ ਦੱਸਿਆ ਕਿ ਇਸ ਆਧੁਨਿਕ ਖੇਡ ਸਟੇਡੀਅਮ ਵਿੱਚ ਫੁੱਟਬਾਲ, ਹੈਂਡਬਾਲ ਅਤੇ ਵਾਲੀਬਾਲ ਵਰਗੀਆਂ ਖੇਡਾਂ ਲਈ ਮਜ਼ਬੂਤ ਮੈਦਾਨ, ਜੋਗਿੰਗ ਟਰੈਕ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਖੇਡਾਂ ਰਾਹੀਂ ਨੌਜਵਾਨਾਂ ਵਿੱਚ ਸਿਹਤਮੰਦ ਸੋਚ ਅਤੇ ਸ਼ਰੀਰਕ ਤੰਦਰੁਸਤ ਰਹੇਗਾ।ਇਸ ਤੋਂ ਉਪਰੰਤ, ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੰਮ੍ਰਿਤਸਰ-ਮਹਿਤਾ ਰੋਡ ਤੋਂ ਮਹਿਤਾ-ਬਿਆਸ ਰੋਡ (ਵਾਇਆ ਦਮਦਮੀ ਟਕਸਾਲ ਗੁਰਦੁਆਰਾ ਸਾਹਿਬ, ਮਹਿਤਾ ਪਿੰਡ) ਤੱਕ ਸੜਕ ਦੇ ਕੀਤੇ ਗਏ ਸਪੈਸ਼ਲ ਰਿਪੇਅਰ ਕੰਮ ਦਾ ਵੀ ਜਾਇਜ਼ਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਲਗਭਗ 58.49 ਲੱਖ ਰੁਪਏ ਦੀ ਲਾਗਤ ਨਾਲ ਇਸ ਸੜਕ ਦੀ ਮੁਰੰਮਤ ਦਾ ਕੰਮ ਸਪੈਸ਼ਲ ਰਿਪੇਅਰ ਸਕੀਮ ਫੰਡਾਂ ਅਧੀਨ ਸਫਲਤਾਪੂਰਵਕ ਚਲ ਰਿਹਾ ਹੈ ਅਤੇ ਜਲਦ ਹੀ ਇਹ ਮੁਕੰਮਲ ਹੋ ਜਾਵੇਗਾ। ਉਨਾਂ ਦੱਸਿਆ ਕਿ ਇਸ ਸੜਕ ਦੀ ਕੁੱਲ ਲੰਬਾਈ 3.28 ਕਿਲੋਮੀਟਰ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੀ ਹੈ ਅਤੇ ਖੇਤਰ ਦੇ ਵਿਕਾਸ ਨੂੰ ਹੋਰ ਗਤੀ ਮਿਲੇਗੀ।ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਪਿੰਡ ਜਾਂ ਆਸ-ਪਾਸ ਕੋਈ ਸੜਕ ਬਣ ਰਹੀ ਹੈ ਤਾਂ ਉਹ ਇਸ ਦੀ ਕੁਆਲਟੀ ਦਾ ਜ਼ਰੂਰ ਧਿਆਨ ਰੱਖਣ। ਜੇਕਰ ਕਿਸੇ ਨੂੰ ਸੜਕ ਦੀ ਗੁਣਵਤਾ ਵਿੱਚ ਕੋਈ ਕਮੀਂ ਲੱਗੇ ਤਾਂ ਉਹ ਤੁਰੰਤ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਜਾਂ ਆਪਣੇ ਵਿਧਾਇਕ ਦੇ ਧਿਆਨ ਵਿੱਚ ਲਿਆ ਸਕਦੇ ਹਨ। ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਸੜਕਾਂ ਦੀ ਗੁਣਵਤਾ ਨੂੰ ਚੈੱਕ ਕਰਨ ਲਈ ਫਲਾਇੰਗ ਸੁਕੈਅਡ ਗਠਿਤ ਕੀਤਾ ਗਿਆ ਹੈ ਜੋ ਸਮੇਂ-ਸਮੇਂ ਸੜਕਾਂ ਦੀ ਕੁਆਲਟੀ ਚੈੱਕ ਕਰਦਾ ਹੈ। ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ ਵੱਲੋਂ ਵੀ ਵਿਭਾਗੀ ਤੌਰ ’ਤੇ ਅਜਿਹੀ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ।ਕੈਬਨਿਟ ਮੰਤਰੀ ਸ: ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਵਿਕਾਸ ਦੇ ਮੁੱਦੇ ਨੂੰ ਲੈ ਕੇ ਜਾਵੇਗੀ ਅਤੇ ਮੁੜ 2027 ਵਿੱਚ ਆਪਣੀ ਸਰਕਾਰ ਬਣਾਵੇਗੀ। ਉਨਾਂ ਕਿਹਾ ਕਿ ਸਾਡੀ ਸਰਕਾਰ ਨੇ ਲੋਕਾਂ ਨਾਲ ਜੋ ਗਰੰਟੀਆਂ ਕੀਤੀਆਂ ਸਨ ਉਸ ਤੋਂ ਵੱਧ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ। ਉਨਾਂ ਕਿਹਾ ਕਿ ਸਾਡੀ ਸਰਕਾਰ ਜੀਰੋ ਟਾਲਰੈਂਸ ਦੀ ਨੀਤੀ ਤੇ ਕੰਮ ਕਰ ਰਹੀ ਹੈ ਅਤੇ ਕਿਸੇ ਵੀ ਭ੍ਰਿਸ਼ਟਾਚਾਰੀ ਜਾਂ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜ ਹੋਰ ਜ਼ਿਲ੍ਹਾ ਪ੍ਰਧਾਨ ਨਿਯੁਕਤ, ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਵੱਲੋਂ ਨਿਯੁਕਤੀਆਂ ਦਾ ਐਲਾਨ




**ਅੰਮ੍ਰਿਤਸਰ, 26 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਪੰਜਾਬ ਅਤੇ ਲੋਕ ਹਿੱਤਾਂ ਦੇ ਸੰਘਰਸ਼ ਨੂੰ ਹੋਰ ਮਜ਼ਬੂਤੀ ਦੇਣ ਲਈ ਵੱਡਾ ਫੈਸਲਾ ਲੈਂਦਿਆਂ ਪੰਜ ਹੋਰ ਨਵੇਂ ਜ਼ਿਲ੍ਹਾ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ। ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀਂ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਵੱਲੋਂ ਪਾਰਟੀ ਲੈਟਰਹੈੱਡ ਰਾਹੀਂ ਅਧਿਕਾਰਿਤ ਤੌਰ ‘ਤੇ ਨਿਯੁਕਤੀਆਂ ਦੀ ਲਿਸਟ ਜਾਰੀ ਕੀਤੀ ਗਈ। ਇਸ ਮੌਕੇ ਨਿਯੁਕਤ ਕੀਤੇ ਗਏ ਜ਼ਿਲ੍ਹਾ ਪ੍ਰਧਾਨਾਂ ਵਿੱਚ ਜਿਲਾ ਪਠਾਨਕੋਟ ਤੋਂ ਭਾਈ ਗੁਰਮਿੰਦਰ ਸਿੰਘ ਚਾਵਲਾ, ਤਰਨਤਾਰਨ ਸਾਹਿਬ ਤੋਂ ਭਾਈ ਚਮਕੌਰ ਸਿੰਘ ਧੁੰਨ, ਫਿਰੋਜ਼ਪੁਰ ਤੋਂ ਭਾਈ ਜਗਦੀਪ ਸਿੰਘ ਭੁੱਲਰ, ਸ੍ਰੀ ਮੁਕਤਸਰ ਸਾਹਿਬ ਤੋਂ ਭਾਈ ਕ੍ਰਿਸ਼ਨ ਸਿੰਘ ਅਤੇ ਕਪੂਰਥਲਾ ਤੋਂ ਭਾਈ ਗੁਰਦੀਪ ਸਿੰਘ ਭੰਡਾਲ ਸ਼ਾਮਲ ਹਨ। ਇਹ ਨਿਯੁਕਤੀਆਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਅਤੇ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਕੀਤੀਆਂ ਗਈਆਂ ਹਨ। ਭਾਈ ਮੀਆਂਵਿੰਡ ਨੇ ਦੱਸਿਆ ਕਿ ਇਹ ਫੈਸਲਾ ਪਾਰਟੀ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ ‘ਤੇ ਲੋਕਾਂ ਨਾਲ ਸਿੱਧੀ ਸਾਂਝ ਵਧਾਉਣ ਦੇ ਮਕਸਦ ਨਾਲ ਲਿਆ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਵਿਸ਼ਵਾਸ ਜਤਾਉਂਦੇ ਹਾਂ ਕਿ ਨਵੇਂ ਨਿਯੁਕਤ ਜ਼ਿਲ੍ਹਾ ਪ੍ਰਧਾਨ ਆਪਣੇ-ਆਪਣੇ ਖੇਤਰਾਂ ਵਿੱਚ ਪੰਥਕ ਸੋਚ ਨੂੰ ਅੱਗੇ ਵਧਾਉਣ, ਨੌਜਵਾਨਾਂ ਨੂੰ ਪਾਰਟੀ ਨਾਲ ਜੁੜਨ ਲਈ ਪ੍ਰੇਰਿਤ ਕਰਨ ਅਤੇ ਪੰਜਾਬ ਦੇ ਹੱਕਾਂ ਲਈ ਚੱਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੇ ਢਾਂਚੇ ਨੂੰ ਹੋਰ ਵਿਸਥਾਰਿਆ ਜਾਵੇਗਾ ਅਤੇ ਹਰ ਜ਼ਿਲ੍ਹੇ ਵਿੱਚ ਮਜ਼ਬੂਤ ਢਾਂਚਾ ਤਿਆਰ ਕਰਕੇ ਲੋਕਾਂ ਦੀਆਂ ਅਸਲ ਸਮੱਸਿਆਵਾਂ ਨੂੰ ਪ੍ਰਮੁੱਖਤਾ ਨਾਲ ਉਠਾਇਆ ਜਾਵੇਗਾ।

# ਅੱਜ ਸਿੰਘ ਸਾਹਿਬ ਗਿਆਨੀ ਸੁਖਦੇਵ ਸਿੰਘ ਸਾਧਪੁਰ ਫਰਾਂਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਾਲੇ ਅਰਦਾਸ ਅਤੇ ਹੁਕਮਨਾਮੇ ਸਾਹਿਬ ਜੀ ਦੀ ਸੇਵਾ ਕਰਨਗੇ



ਚੌਕ ਮਹਿਤਾ 26 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)ਸਿੰਘ ਸਾਹਿਬ ਗਿਆਨੀ ਸੁਖਦੇਵ ਸਿੰਘ ਸਾਧਪੁਰ ਫਰਾਂਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਸੁਰਗਵਾਸੀ ਬੀਬੀ ਬਲਵਿੰਦਰ ਕੌਰ ਦੇ ਨਮਿੱਤ ਅੱਜ 27 ਮਾਰਚ 2026 ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਸਿੰਘ ਸਭਾ ਭੱਲਾ ਕਲੋਨੀ ਨੇੜੇ ਸਿੰਘ ਹਸਪਤਾਲ,ਸੇਰ ਸਾਹ ਸੂਰੀ ਰੋਡ ਛੇਹਰਟਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਅਰਦਾਸ ਬੇਨਤੀ ਅਤੇ ਪਵਿੱਤਰ ਪਾਵਨ ਹੁਕਮਨਾਮਾ ਸਾਹਿਬ ਜੀ ਦੀ ਸੇਵਾ ਕਰਨਗੇ।

# ਸਰਕਾਰ ਬੇਅਦਬੀਆਂ ਖਿਲਾਫ ਕਾਨੂੰਨ ਬਣਾਉਣ ਵਿੱਚ ਨਾ ਕਾਮਯਾਬ ਰਹੀ: ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਦਿਨ ਬ ਦਿਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦਾ ਦੌਰ ਰੁਕਣ ਦਾ ਨਾਮ ਨਹੀਂ ਲੈ ਰਿਹਾ ਸਗੋਂ ਵੱਧਦਾ ਹੀ ਜਾ ਰਿਹਾ ਹੈ। ਪੰਜਾਬ ਦੀ ਮੌਜੂਦਾ ਸਰਕਾਰ ਬੇਅਦਬੀ ਖਿਲਾਫ ਕਾਨੂੰਨ ਬਣਾਉਣ ਵਿੱਚ ਨਾਕਾਮਯਾਬ ਸਾਬਤ ਹੋ ਰਹੀ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ, ਉੱਘ ਸਮਾਜ ਸੇਵੀ ਸ, ਪਰਮਜੀਤ ਸਿੰਘ ਪੰਮਾ ਬਾਠ ਨਹੀਂ ਕੀਤਾ। ਉਹਨਾਂ ਕਿਹਾ ਕਿ ਉਹਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਸਿੱਖ ਵਿਰੋਧੀ ਹੋਣ ਦਾ ਅਸਲੀ ਚਿਹਰਾ ਲੋਕਾਂ ਦੇ ਸਾਹਮਣੇ ਆ ਗਿਆ ਹੈ ਕਿਉਂਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਸਾਥੀ ਸਿੱਖ ਨੌਜਵਾਨਾਂ ਦੇ ਉੱਤੇ ਐਨਐਸਏ ਲਗਾ ਕੇ ਡਿੱਬਰੂਗੜ੍ਹ ਦੀ ਜੇਲ ਵਿੱਚ ਬੰਦ ਕਰਨਾ ਆਪ ਸਰਕਾਰ ਦਾ ਹੀ ਕੰਮ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੀਆਂ ਮੀਟਿੰਗਾਂ ਰੈਲੀਆਂ ਦਾ ਰੂਪ ਧਾਰਨ ਕਰ ਰਹੀਆਂ ਹਨ, 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਰੋਲ ਸਰਕਾਰ ਬਣਾਏਗਾ। ਪੰਜਾਬ ਦੀ ਸਿੱਖ ਨੌਜਵਾਨੀ ਅਤੇ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੇ ਹੱਕ ਵਿੱਚ ਆਵਾਜ਼ ਨੂੰ ਬੁਲੰਦ ਕਰੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿੱਤਾ ਗਿਆ ਪਰ ਪ੍ਰਸਾਸਨ ਕੁੰਭਕਰਨੀ ਨੀਂਦ ਚ ਸੁੱਤੇ ਨੂੰ ਜਗਾਉਣ ਲਈ 31 ਮਾਰਚ ਨੂੰ ਅੰਮ੍ਰਿਤਸਰ ਵਿਖੇ ਅਰਦਾਸ ਸਮਾਗਮ-ਭੋਮਾ

# ਤਿੰਨ ਮਹੀਨੇ ਦਾ ਸਮਾਂ ਬਤੀਤ ਹੋਣ ਤੋਂ ਬਾਅਦ ਵੀ ਸਰੇਆਮ ਚਲ ਰਹੀਆਂ ਦੁਕਾਨਾਂ-ਰਣਜੀਤ ਸਿੰਘ ਭੋਮਾ



ਜੰਡਿਆਲਾ ਗੁਰੂ 26 ਮਾਰਚ ( ਕੁਲਵੰਤ ਸਿੰਘ ਵਿਰਦੀ ) ਧੰਨ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਤੇ ਧੰਨ ਬਾਬਾ ਦੀਪ ਸਿੰਘ ਜੀ ਨੂੰ ਸਤਿਕਾਰ ਪਿਆਰ ਕਰਨ ਵਾਲੀਆਂ ਦੇਸ ਵਿਦੇਸ ਦੀਆਂ ਸੰਗਤਾਂ ਨੂੰ ਦਿਲੀ ਅਪੀਲ ਕੀਤੀ ਜਾਂਦੀ ਕਿ 31 ਮਾਰਚ ਨੂੰ ਸਵੇਰੇ 10 ਵਜੇ ਚੋਕ ਮਹਾ ਸਿੰਘ ਨੇੜੇ ਬੱਸ ਸਟੈਂਡ ਅੰਮ੍ਰਿਸਿਰ ਨਜ਼ਦੀਕ ਹੁੰਮਹੁਮਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਗੁਰੂ ਨਗਰੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ ਪਹੁੰਚਣ ਦੀ ਜੋਰਦਾਰ ਅਪੀਲ ਕੀਤੀ ਜਾਂਦੀ ਹੈ ਤੇ ਇਨਾਂ ਗੱਲਾਂ ਦਾ ਪਰਗਟਾਵਾ ਕਰਦਿਆਂ ਹੋਇਆ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗੁਰੂ ਨਗਰੀ ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਐਲਾਨਿਆ ਨੂੰ ਤਿੰਨ ਮਹੀਨੇ ਹੋ ਗਏ ਹਨ ਲੇਕਿਨ ਪਵਿੱਤਰਤਾ ਬਹਾਲੀ ਮਸਲਾ ਠੰਡੇ ਬਸਤੇ ਵਿੱਚ ਪਾਇਆ ਗਿਆ ਹੈ ਅਤੇ ਕਰੋੜਾਂ ਰੁਪਏ ਦੀਆਂ ਵੱਖ ਵੱਖ ਚੈਨਲਾਂ ਤੇ ਮਸਹੂਰੀ ਕਰਕੇ ਡਰਾਮੇ ਬਾਜੀ ਕੀਤੀ ਗਈ ਹੈ ਸੰਗਤਾਂ ਵਿੱਚ ਸਰਕਾਰ ਵਿਰੁੱਧ ਗੁੱਸੇ ਦੀ ਲਹਿਰ ਪਾਈ ਜਾ ਰਹੀ ਹੈ ਪਰ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਦਰਸ਼ਨ ਕਰਨ ਵਾਲਿਆਂ ਰਸਤਿਆਂ ਚ ਵੱਖ ਵੱਖ ਬਜਾਰਾਂ ਚੋਕ ਮਹਾ ਸਿੰਘ ਤੇ ਹਾਲ ਗੇਟ ਤੇ ਥਾਣਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰ ਆਦਿ ਵਿੱਚ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਤੇ ਮੀਟ ਮੱਛੀ ਆਂਡੇ ਤਮਾਕੂ ਦੀਆਂ ਸਾਰੀਆਂ ਦੁਕਾਨਾਂ ਖੁੱਲਣ ਵਾਲਿਆਂ ਦੁਸ਼ਟ ਲੋਕਾਂ ਨੇ ਗੁਰੂ ਨਗਰੀ ਨੂੰ ਰੋਜ਼ਾਨਾ ਬੇਅਦਬੀ ਤੋ ਵੱਧ ਵਾਤਾਵਰਣ ਖਰਾਬ ਕਰਕੇ ਸੰਗਤਾਂ ਦੀ ਪਵਿੱਤਰ ਧਾਰਮਿਕ ਸਰਧਾ ਭਾਵਨਾ ਆਸਥਾ ਨੂੰ ਭਾਰੀ ਠੇਸ ਪਹੁੰਚਾਈ ਜਾ ਰਹੀ ਹੈ ਪਰ ਅੰਮਿਤਸਰ ਦਾ ਮੇਅਰ ਤੇ ਜਿਲਾ ਪ੍ਰਸ਼ਾਸਨਕ ਕਾਰਪੋਰੇਸ਼ਨ ਵਿਭਾਗ ਦੇ ਅਫ਼ਸਰ ਤੇ ਕੋਸਲਰ ਵੱਖ ਵੱਖ ਪਾਰਟੀਆਂ ਦੇ ਸਾਰੇ ਕੁੰਭ ਕਰਨੀ ਨੀਦ ਸੁੱਤੇ ਪਏ ਹਨ ਤੇ ਪਾਪੀ ਦੁਕਾਨਾਂ ਖੋਲਣ ਵਾਲਿਆਂ ਤੇ ਪ੍ਰਸਾਨਕ ਅਧਿਕਾਰੀਆਂ ਤੇ ਕੋਸਲਰਾ ਨੂੰ ਸੁੱਤੀ ਨੀਦ ਜਗਾਉਣ ਲਈ ਪੱਕੇ ਤੌਰ ਪਵਿੱਤਰਤਾ ਬਹਾਲੀ ਲਾਗੂ ਕਰਾਉਣ ਲਈ 31 ਮਾਰਚ ਨੂੰ ਸਵੇਰੇ ਚੋਕ ਮਹਾ ਸਿੰਘ ਨੇੜੇ ਬੱਸ ਸਟੈਂਡ ਅਮ੍ਰਿਤਸਰ ਦੇ ਨਜਦੀਕ ਵਾਹਿਗੁਰੂ ਜੀ ਜਾਪ ਸਿਮਰਨ ਕਰਕੇ ਅਰਦਾਸ ਸਮਾਗਮ ਹੋਵੇਗਾ ਤਾਂ ਜੋ ਗੁਰੂ ਰਾਮਦਾਸ ਸਾਹਿਬ ਜੀ ਦੀ ਗੁਰੂ ਨਗਰੀ ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਹੋ ਸਕੇ ਪ੍ਰਧਾਨ ਰਣਜੀਤ ਸਿੰਘ ਭੋਮਾ ਪੰਜਾਬ ਸਰਕਾਰ ਵੱਲੋਂ ਤਿੰਨ ਮਹੀਨਿਆਂ ਤੋ ਪਵਿੱਤਰ ਸ਼ਹਿਰ ਦਾ ਦਰਜਾ 12 ਮੇਨ ਗੇਟਾਂ ਦਰਜਾ ਐਲਾਨਿਆ ਸੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਵੱਖ ਵੱਖ ਅਧਿਕਾਰੀਆਂ ਤੇ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਤੇ ਮੀਟ ਮੱਛੀ ਆਡੇ ਦੀਆਂ ਸਾਰੀਆਂ ਦੁਕਾਨਾਂ ਵਾਲਿਆਂ ਨੂੰ ਦੁਕਾਨਾਂ ਪੱਕੇ ਤੌਰ ਬੰਦ ਕਰਨ ਲਈ ਲਿਖਤੀ ਲੈਟਰ ਵੀ ਕੱਢਿਆ ਸੀ ਪਰ ਸਾਰੀਆਂ ਦੁਕਾਨਾਂ ਖੁੱਲਣ ਵਾਲਿਆਂ ਦੁਸਟ ਦੁਕਾਨਦਾਰਾਂ ਨੇ ਮੰਗ ਪੱਤਰ ਦੁਬਾਰਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਦਿੱਤਾ ਗਿਆ ਸਾਡਾ ਕਾਰੋਬਾਰ ਰੁਜਗਾਰ ਬੰਦ ਹੋ ਜਾਵੇਗਾ ਇਸ ਕਰਕੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਹੋਣ ਲਈ ਦੇਰੀ ਹੋ ਗਈ ਹੈ ਪਰ ਅਸੀਂ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੇ ਬਾਬਾ ਦੀਪ ਸਿੰਘ ਜੀ ਤੇ ਹੋਰ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਬਹਾਲੀ ਲਈ 31 ਮਾਰਚ ਨੂੰ ਸਵੇਰੇ 10 ਵਜੇ ਨੇੜੇ ਬੱਸ ਸਟੈਂਡ ਅੰਮਿਤਸਰ ਚੋਕ ਮਹਾ ਸਿੰਘ ਵਿੱਚ ਵਾਹਿਗੂਰੂ ਜੀ ਸਿਮਰਨ ਕਰਕੇ ਅਰਦਾਸ ਸਮਾਗਮ ਸੰਗਤੀ ਰੂਪ ਵਿੱਚ ਗੁਰੂ ਰਾਮਦਾਸ ਸਾਹਿਬ ਜੀ ਨਗਰੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ ਹੋਵੇਗਾ ਸਮੂਹ ਨਾਨਕ ਨਾਮ ਲੇਵੀ ਸੰਗਤਾਂ ਤੇ ਨੋਜਵਾਨ ਸਿੰਘਾ ਬਜੁਰਗਾਂ ਬੀਬੀ ਭੈਣਾਂ ਮਾਵਾਂ ਸਮੇਤ ਪਹੁੰਚ ਕੇ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਤਾਂ ਜੋ ਗੁਰੂ ਰਾਮਦਾਸ ਸਾਹਿਬ ਜੀ ਗੁਰੂ ਨਗਰੀ ਨੂੰ ਪਵਿੱਤਰਤਾ ਬਹਾਲੀ ਜਲਦੀ ਲਾਗੂ ਕਰਾਉਣ ਲਈ ਜਿਲਾ ਪ੍ਰਸ਼ਾਸਨਕ ਅਧਿਕਾਰੀਆਂ ਤੇ ਦੁਕਾਨਾਂ ਖੁੱਲਣ ਵਾਲੇ ਦੁਸ਼ਟ ਲੋਕਾਂ ਨੇ ਗੁਰੂ ਨਗਰੀ ਵਿਚ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਤੇ ਵੱਖ ਵੱਖ ਮੀਟ ਮੱਛੀ ਦੀਆਂ ਦੁਕਾਨਾਂ ਖੁੱਲਣ ਗੁਰੂ ਘਰਾਂ ਦੇ ਰਸਤਿਆਂ ਵਿੱਚ ਖੋਲਕੇ ਸਰੇਆਮ ਵਾਤਾਵਰਣ ਬਦਬੂ ਵਾਲਾ ਕਰਕੇ ਦਰਸ਼ਨ ਕਰਨ ਆ ਰਹੀਆਂ ਸੰਗਤਾਂ ਦੀ ਸਰਧਾ ਭਾਵਨਾ ਨੂੰ ਠੇਸ ਪਹੁੰਚਾ ਰਹੀਆਂ ਹਨ ਉਨ੍ਹਾਂ ਦੁਸ਼ਟ ਲੋਕਾਂ ਦੀਆਂ ਸਾਰੀਆਂ ਦੁਕਾਨਾਂ ਪੱਕੇ ਤੌਰ ਤੇ ਬੰਦ ਕਰਵਾਕੇ ਆਖਰੀ ਸਵਾਸਾਂ ਤੱਕ ਸੰਘਰਸ਼ ਜਾਰੀ ਰਹੇਗਾ ਤੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਹੋਣ ਤੇ ਡਿਪਟੀ ਕਮਿਸ਼ਨਰ ਅੰਮਿਤਸਰ ਨੂੰ ਸੋਨੇ ਦੇ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ ਸਮੂਹ ਸੰਗਤਾਂ ਪਵਿੱਤਰਤਾ ਬਹਾਲੀ ਲਈ 31 ਮਾਰਚ ਨੂੰ ਸਵੇਰੇ 10 ਵਜੇ ਚੋਕ ਮਹਾ ਸਿੰਘ ਨੇੜੇ ਬੱਸ ਸਟੈਂਡ ਅੰਮਿਤਸਰ ਵਿਖੇ ਧੰਨ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਤੇ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਜੀ ਦੀ ਪਵਿੱਤਰਤਾ ਬਹਾਲੀ ਲਈ ਪ੍ਰਵਾਰਾ ਸਮੇਤ ਵੱਡੀ ਗਿਣਤੀ ਵਿੱਚ ਵਾਹਿਗੁਰੂ ਜੀ ਜਾਪ ਕਰਕੇ ਹਾਜਰੀ ਲਗਵਾਕੇ ਖੁਸੀਆਂ ਪ੍ਰਾਪਤ ਕਰੋ ਜੀ ਪ੍ਰਧਾਨ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ ਸੰਸਥਾ ਪੰਜਾਬ ਤੇ ਸਮੂਹ ਨਾਨਕ ਨਾਮ ਲੇਵੀ ਸੰਗਤਾਂ ਵੱਖ ਵੱਖ ਜਥੇਬੰਦੀਆਂ 9878089832=8264320308 ਧੰਨ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਤੇ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਨੂੰ ਸਤਿਕਾਰ ਪਿਆਰ ਕਰਨ ਵਾਲੀਆਂ ਸੰਗਤਾਂ ਗੁਰੂ ਘਰਾਂ ਦੇ ਰਸਤਿਆਂ ਵਿੱਚ ਨਸਿਆ ਮੀਟ ਮੱਛੀ ਪਾਨ ਬੀੜੀਆਂ ਤਮਾਕੂ ਦੀਆਂ ਪੱਕੇ ਤੌਰ ਬੰਦ ਕਰਾਉਣ ਲਈ ਤੇ ਪਵਿੱਤਰਤਾ ਬਹਾਲੀ ਕਰਾਉਣ ਲਈ ਨੌਜਵਾਨ ਵੀਰੋਂ ਭੈਣੋ ਮਾਤਾਵਾਂ ਭੈਣਾਂ ਭਰਾਵਾਂ ਬਜੁਰਗਾਂ ਗੁਰੂ ਨਾਨਕ ਨਾਮ ਲੇਵੀ ਸੰਗਤਾਂ ਵੱਡੀ ਗਿਣਤੀ ਵਿੱਚ 31 ਮਾਰਚ ਨੂੰ ਅਰਦਾਸ ਸਮਾਗਮ ਵਿੱਚ ਪਹੁੰਚ ਕੇ ਪਵਿੱਤਰ ਸ਼ਹਿਰ ਦਾ ਦਰਜਾ ਐਲਾਨਿਆ ਲਾਗੂ ਕਰਵਾਕੇ ਹਾਜਰੀ ਲਗਵਾਕੇ ਖੁਸੀਆਂ ਪ੍ਰਾਪਤ ਕਰੋ !

### ਜੰਡਿਆਲਾ ਗੁਰੂ ਵਿਖੇ ਨਾਇਬ ਤਹਿਸੀਲਦਾਰ ਵਜੋਂ

# ਮੈਡਮ ਅਕਵਿੰਦਰ ਕੌਰ ਨੇ ਅਹੁਦਾ ਸੰਭਾਲਿਆ

> **ਸਰਕਾਰ ਦੀਆਂ ਨੀਤੀਆਂ ਨੂੰ ਲਾਗੂ ਕਰਕੇ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਨਿਪਟਾਏ ਜਾਣਗੇ-ਮੈਡਮ ਅਕਵਿੰਦਰ ਕੌਰ**



ਜੰਡਿਆਲਾ ਗੁਰੂ 26 ਮਾਰਚ ( ਕੁਲਵੰਤ ਸਿੰਘ ਵਿਰਦੀ )ਜੰਡਿਆਲਾ ਗੁਰੂ ਸਬ-ਤਹਿਸੀਲ ਵਿਖੇ ਅੱਜ ਮੈਡਮ ਅਕਵਿੰਦਰ ਕੌਰ ਨੇ ਨਵੇ ਨਾਇਬ ਤਹਿਸੀਲਦਾਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਦਫ਼ਤਰ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਮੁਬਾਰਕਬਾਦ ਦਿੱਤੀ ਗਈ।ਅਹੁਦਾ ਸੰਭਾਲਣ ਉਪਰੰਤ ਮੈਡਮ ਅਕਵਿੰਦਰ ਕੌਰ ਨੇ ਕਿਹਾ ਕਿ ਉਹ ਸਰਕਾਰ ਦੀਆਂ ਨੀਤੀਆਂ ਨੂੰ ਇਮਾਨਦਾਰੀ ਅਤੇ ਪਾਰਦਰਸ਼ਿਤਾ ਨਾਲ ਲਾਗੂ ਕਰਨ ਲਈ ਵਚਨਬੱਧ ਹਨ ਅਤੇ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਨਿਪਟਾਏ ਜਾਣਗੇ। ਉਨ੍ਹਾਂ ਕਿਹਾ ਕਿ ਦਫ਼ਤਰ ਵਿੱਚ ਆਉਣ ਵਾਲੇ ਹਰ ਵਿਅਕਤੀ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਸੁਵਿੰਦਰ ਸਿੰਘ ਚੰਦੀ,ਬਲਜੀਤ ਸਿੰਘ, ਨਵਦੀਪ ਸਿੰਘ, ਪ੍ਰਿੰਸ ਹਰਭੇਜ ਸਿੰਘ ਪਟਵਾਰੀ, ਜਸਕਰਨ ਸਿੰਘ ਪਟਵਾਰੀ, ਮੋਹਿਤ ਕੁਮਾਰ, ਅੰਗਦ ਸੂਦ ਕੁਲਵੰਤ ਸਿੰਘ ਨਬਰਦਾਰ ਮਨਜੀਤ ਪੱਪੀ, ਗੁਰਸੇਵਕ ਸਿੰਘ ਨਵਦੀਪ ਸਿੰਘ 'ਵਸਨੀਕਾ ਆਦਿ ਹਾਜ਼ਰ ਸਨ।

### ਖੁਦਾ ਕੇ ਲਈ ਇਨ੍ਹਾਂ ਤਿਉਹਾਰਾਂ ਦੀਆਂ ਛੁੱਟੀਆਂ ਦੀ ਬਜਾਏ ਹਰ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਦਾਇਰਿਆਂ ਖਾਸ ਤੌਰ ਤੇ

# ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਲਾਜਮੀ—ਪੀ. ਸੀ. ਕੁਮਾਰ




ਫ਼ਿਰੋਜ਼ਪੁਰ, 26 ਮਾਰਚ (ਮਨੋਹਰ ਲਾਲ):— ਖੁਦਾ ਕੇ ਲਈ ਇਨ੍ਹਾਂ ਤਿਉਹਾਰਾਂ ਦੀਆਂ ਛੁੱਟੀਆਂ, ਛੁੱਟੀਆਂ, ਛੁੱਟੀਆਂ ਦੀ ਬਜਾਏ ਹਰ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਦਾਇਰਿਆਂ ਖਾਸ ਤੌਰ ਤੇ ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਲਾਜਮੀ।ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੁਧਾਰਕ, ਸੇਵਕ ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਤੇ ਸਿੱਖਿਆ ਵਿਭਾਗ ਵਿਚ ਵਿਚਰਦੇ ਹੁਣ ਵੀ ਰੋਜਾਨਾ ਸੁਭਾ ਦੀਆਂ ਸੰਭਾਵਾਂ ਸਰਕਾਰੀ, ਅਰਧ ਸਰਕਾਰੀ ਪ੍ਰਾਈਵੇਟ ਅਦਾਰਿਆਂ ਵਿਚ ਵਿਚਰਦੇ ਹੋਏ ਦਿਨ—ਰਾਤ ਜਿਥੇ ਵੀ ਮੌਕਾ ਮਿਲਦਾ ਹੈ, ਜਾਗਰੂਕਤਾ ਜ਼ੋ ਸਰਬ ਰੋਗ ਦਾ ਇਕੋ—ਇਕ ਹੱਲ ਹੈ, ਜ਼ੋ ਅੱਜ ਇਕ ਸਰਕਾਰ ਅਖੌਤੀ ਲੋਕ ਹਿੱਤਾਂ ਦੀ ਬਜਾਏ ਜਾਤੀ ਵੋਟਾਂ ਦੀ ਰਾਜਨੀਤੀ ਦਿਖਾਵਾ ਪੈਸੇ ਸਮੇਂ, ਅਨਰਜੀ ਦੀ ਬਰਬਾਦੀ ਬਨ ਜਿਉਂ—ਜਿਉਂ ਦਵਾ ਕੀ ਮਰਜ ਬੜਤੀ ਗਈ, ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ ਜ਼ੋ ਅੱਜ ਨਾ ਕੇਵਲ ਬਜੁਰਗ, ਨੌਜਵਾਨ ਬਲਕਿ ਸਾਡੀ ਆਉਣ ਵਾਲੀ ਪੀੜ੍ਹੀ ਭਾਵ ਬੱਚੇ ਰਸਤੇ ਤੋਂ ਭਟਕ ਆਪਣਾ ਵਿਰਸਾ ਸੰਸਕ੍ਰਿਤੀ ਪਿਛੋਕੜ ਭੁਲ ਵੈਸਟਰਨਾਈਜ ਹੋਣ ਨਹੀਂ ਹੋ ਰਹੇ ਹਨ ਜ਼ੋ ਖਤਰੇ ਦੀ ਘੰਟੀ ਹੈ, ਜਿਸ ਦਾ ਇਕੋ—ਇਕ ਹੱਲ ਹਰ ਤਿਉਹਾਰ ਹਰ ਦਿਨ ਚਾਹੇ ਉਹ ਸ਼ਹੀਦੀ ਜਨਮ ਦਿਵਸ ਜਾਂ ਫਿਰ ਲੋਕ, ਦੇਸ਼ ਹਿੱਤ ਵਿਚ ਹੈ, ਸਕੂਲਾਂ ਤੇ ਦੂਜੇ ਅਦਾਰਿਆਂ ਵਿਚ ਛੁੱਟੀਆਂ ਦੀ ਬਜਾਏ ਲਾਜਮੀ ਮਨਾਇਆ ਜਾਣਾ ਸਰਕਾਰੀ ਹੁਕਮ ਤੇ ਫਰਜ ਸਮਝ ਕੇ ਕੀਤਾ ਜਾਵੇ ਜ਼ੋ ਕਿ ਜਾਗਰੂਕਤਾ ਜਾਗਰੂਕਤਾ ਜ਼ੋ ਸੋਨੇ ਤੇ ਸੁਹਾਗਾ ਹੈ ਜ਼ੋ ਮੈਂ ਕਰ ਹੀ ਨਹੀਂ ਕੀਤਾ ਤੇ ਆਖਰੀ ਦਮ ਤੱਕ ਕਰਦਾ ਰਹਾਂਗਾ, ਜ਼ੋ ਸਰਵਰੋਗ ਦਾ ਇਕੋ—ਇਕ ਹੱਲ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਪੀ.ਟੀ.ਐਮ ਦਾ ਆਯੋਜਨ, ਦੀਪਾਲੀ ਤੇ ਸ਼ਿਵਮ ਨੇ ਮਾਪਿਆਂ ਨੂੰ ਕੀਤਾ ਸੰਬੋਧਨ



ਫ਼ਿਰੋਜ਼ਪੁਰ, 26 ਮਾਰਚ (ਮਨੋਹਰ ਲਾਲ) :— ਫ਼ਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਪੇਰੈਂਟਸ ਟੀਚਰ ਮੀਟਿੰਗ (ਪੀ.ਟੀ.ਐਮ) ਦਾ ਆਯੋਜਨ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਂਸਚਿਵ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤੇ ਕੀਤਾ ਗਿਆ, ਜਿਸ ਵਿਚ ਮਾਪੇ ਆਪਣੇ ਬੱਚਿਆਂ ਸਮੇਤ ਸਕੂਲ ਪਹੁੰਚੇ। ਇਸ ਮੌਕੇ ਬੋਲਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਪੀ.ਟੀ.ਐਮ ਦਾ ਆਯੋਜਨ ਅਵਧੀ—2 (ਟਰਮ—2) ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਨਾਲ ਮਾਪਿਆਂ ਨੂੰ ਜਾਣੂ ਕਰਵਾਉਣ ਲਈ ਕੀਤਾ ਗਿਆ ਅਤੇ ਇਸ ਮੌਕੇ ਸਕੂਲ ਕੈਂਪਸ ਵਿਚ ਪੁੱਜੇ ਮਾਪਿਆਂ ਨੂੰ ਵਿਦਿਆਰਥੀਆਂ ਦੇ ਅੰਕ ਪੱਤਰ ਵਿਖਾ ਕੇ ਉਨ੍ਹਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਵੱਖ—ਵੱਖ ਵਿਸ਼ਿਆਂ ਵਿੱਚ ਆਪਣੇ ਹੁਨਰ ਅਤੇ ਗਿਆਨ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜੋ ਮਾਪਿਆਂ ਅਤੇ ਵਿਦਿਆਰਥੀਆਂ ਲਈ ਮਾਣ ਦੀ ਗੱਲ ਰਹੀ। ਵਿਦਿਆਰਥੀਆਂ ਨੇ ਭਵਿੱਖ ਵਿੱਚ ਵੀ ਵਧੀਆ ਨਤੀਜੇ ਲਿਆਉਣ ਦਾ ਸੰਕਲਪ ਕੀਤਾ। ਇਸ ਮੌਕੇ ਅਧਿਆਪਕਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਚੰਗੇ ਨਤੀਜਿਆਂ ਵਿੱਚ ਅਧਿਆਪਕਾਂ ਦਾ ਮਹੱਤਵਪੂਰਨ ਯੋਗਦਾਨ ਹੁੰਦਾ ਹੈ ਅਤੇ ਉਨ੍ਹਾਂ ਦੀ ਮਿਹਨਤ ਰੰਗ ਲਿਆਈ ਹੈ। ਵਿਦਿਆਰਥੀਆਂ ਨੂੰ ਨਵੀਂ ਕਲਾਸ ਵਿੱਚ ਹੋਰ ਵੱਧ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਸਕੂਲ ਦਾ ਮਕਸਦ ਸਿਰਫ ਪ੍ਰੀਖਿਆ ਨਤੀਜਿਆਂ ਤੱਕ ਸੀਮਿਤ ਨਹੀਂ, ਸਗੋਂ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ, ਜਿਸ ਵਿੱਚ ਮਾਪਿਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਗੱਲਬਾਤ ਕਰਦਿਆਂ ਸ਼ਿਵਮ ਸ਼ਰਮਾ ਨੇ ਕਿਹਾ ਕਿ ਮਾਪਿਆਂ ਅਤੇ ਅਧਿਆਪਕਾਂ ਦੇ ਆਪਸੀ ਸਹਿਯੋਗ ਨਾਲ ਹੀ ਬੱਚਿਆਂ ਦਾ ਚੰਗਾ ਭਵਿੱਖ ਯਕੀਨੀ ਬਣਾਇਆ ਜਾ ਸਕਦਾ ਹੈ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਇਸ ਸੰਬੰਧ ਨੂੰ ਹੋਰ ਮਜ਼ਬੂਤ ਬਣਾਉਂਦੇ ਹਨ।

# ਕੁਝ ਲੋਕ ਡਰਾਮੇਬਾਜੀ ਕਰ ਰਹੇ ਹਨ—ਸੁਰਜੀਤ ਸਿੰਘ ਸੰਦੋਆ



ਫ਼ਿਰੋਜ਼ਪੁਰ, 26 ਮਾਰਚ (ਮਨੋਹਰ ਲਾਲ) :— ਪਿਛਲੇ ਦਿਨੀ ਲੱਗੀ ਇੱਕ ਖਬਰ ਜੋ ਕਿ ਬੋੜ ਸਿੰਘ ਮਾਨਸਾ ਬੇਅੰਤ ਸਿੰਘ ਸਰਜਾ ਜਨਰਲ ਸਕੱਤਰ ਅਤੇ ਉਨ੍ਹਾਂ ਦੇ ਨਾਲ ਮੇਜਰ ਸਿੰਘ ਰੰਧਾਵਾ ਪਿੰਡ ਕੜਮਾ ਉਗਰ ਸਿੰਘ ਮਾਨਸਾ ਬਲਵਿੰਦਰ ਸਿੰਘ ਗੰਗਾ ਮੀਤ ਪ੍ਰਧਾਨ ਬੇਅੰਤ ਸਿੰਘ ਮਹਿਮਾ ਸਰਜਾ ਵੱਲੋਂ ਲਗਾਈ ਸੀ ਕਿ ਭਾਰਤੀ ਕਿਸਾਨ ਯੂਨੀਅਨ ਮਾਨਸਾ ਦਾ ਸਿੱਧੂਪੁਰ ਜਥੇਬੰਦੀ ਨਾਰ ਰਲੇਵਾਂ ਹੋ ਗਿਆ ਹੈ। ਇਸ ਦਾ ਜਵਾਬ ਦਿੰਦਿਆਂ ਪੰਜਾਬ ਚੇਅਰਮੈਨ ਸੁਰਜੀਤ ਸਿੰਘ ਸੰਦੋਆ ਨੇ ਕਿਹਾ ਕਿ ਇਹ ਕੁਝ ਸ਼ਰਾਰਤੀ ਅਨਸਰ ਆਪਣੀ ਵਾਹ—ਵਾਹ ਕਰਾਉਣ ਲਈ ਇਹ ਡਰਾਮੇ ਕਰ ਰਹੇ ਹਨ ਜਦੋਂ ਕਿ ਸਚਾਈ ਇਹ ਹੈ ਕਿ ਇਨ੍ਹਾਂ ਆਗੂਆਂ ਨੇ ਲਿਖਤੀ ਰੂਪ ਵਿੱਚ 2022 ਨੂੰ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਜਥੇਬੰਦੀ ਵਿੱਚੋਂ ਅਸਤੀਫਾ ਦੇ ਕੇ ਆਪਣੇ ਆਪ ਨੂੰ ਜਥੇਬੰਦੀ ਤੋਂ ਅਲੱਗ ਕਰ ਦਿੱਤਾ ਸੀ ਅਤੇ ਆਪਣੀ ਇੱਕ ਜਥੇਬੰਦੀ ਸੰਯੁਕਤ ਸਮਾਜ ਮੋਰਚਾ ਨਾਂ ਦੀ ਬਣਾ ਲਈ। ਆਪਣਾ ਬਿਆਨ ਜਾਰੀ ਰੱਖਦਿਆਂ ਚੇਅਰਮੈਨ ਸੁਰਜੀਤ ਸਿੰਘ ਸੰਦੋਆ ਨੇ ਆਪਣੇ ਵਿਰੋਧੀਆਂ ਤੇ ਦੋਸ਼ ਲਾਉਂਦਿਆਂ ਕਿਹਾ ਕਿ ਰਾਜੇਵਾਲ ਨਾਲ ਮਿਲ ਕੇ ਮੇਜਰ ਸਿੰਘ ਰੰਧਾਵਾ ਨੂੰ ਐਮ.ਐਲ.ਏ ਦਾ ਇਲੈਕਸ਼ਨ ਲੜਾਇਆ ਅਤੇ ਹਾਰ ਦਾ ਸਾਹਮਣਾ ਕੀਤਾ ਪਰ ਹੁਣ ਇਹ ਕੁਝ ਅਖੌਤੀ ਅਨਸਰ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਜਥੇਬੰਦੀ ਨੂੰ ਢਾਹ ਲਾਉਣ ਲਈ ਗਲਤ ਤਰੀਕੇ ਵਰਤ ਰਹੇ ਹਨ ਜੋ ਕਿ ਬਿਲਕੁਲ ਬਰਦਾਸ਼ਤ ਨਹੀਂ ਕੀਤੇ ਜਾਣਗੇ। ਇਥੇ ਬੋਲਦੇ ਹੋਏ ਪੰਜਾਬ ਦੇ ਚੇਅਰਮੈਨ ਸੁਰਜੀਤ ਸਿੰਘ ਸੰਦੋਆ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਮਾਨਸਾ ਪਹਿਲਾਂ ਵੀ ਚੜ੍ਹਦੀ ਕਲਾ ਵਿੱਚ ਸੀ ਹੁਣ ਵੀ ਚੜ੍ਹਦੀ ਕਲਾ ਵਿੱਚ ਹੈ ਅਤੇ ਅੱਗੇ ਵੀ ਚੜ੍ਹਦੀ ਕਲਾ ਵਿੱਚ ਰਹੇਗੀ। ਉਨ੍ਹਾਂ ਜਥੇਬੰਦੀ ਦੇ ਵਿਰੋਧੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਇਨ੍ਹਾਂ ਖਿਲਾਫ ਜੋ ਕਾਨੂੰਨੀ ਕਾਰਵਾਈ ਬਣਦੀ ਹੋਵੇਗੀ ਉਹ ਕੀਤੀ ਜਾਵੇਗੀ। ਇਸ ਵਕਤ ਪੰਜਾਬ ਚੇਅਰਮੈਨ ਸੁਰਜੀਤ ਸਿੰਘ ਸੰਦੋਆ ਦੇ ਨਾਲ ਪੰਜਾਬ ਪ੍ਰਧਾਨ ਪਰਮਜੀਤ ਕੌਰ ਜਿਲਾ ਬਠਿੰਡਾ ਤੋਂ ਦਿਹਾਤੀ ਪ੍ਰਧਾਨ ਗੁਰਪਾਲ ਸਿੰਘ ਕੋਠੇ ਸੰਧਵਾਂ ਜਿਲਾ ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਮਹਿਮਾ ਸਰਜਾ ਸ੍ਰੀ ਮੁਕਤਸਰ ਸਾਹਿਬ ਤੋਂ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖਾ ਫ਼ਾਜ਼ਿਲਕਾ ਤੋਂ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਰੰਧਾਵਾ ਫਿਰੋਜਪੁਰ ਤੋਂ ਜਿਲ੍ਹਾ ਪ੍ਰਧਾਨ ਨਿਰਮਲ ਸਿੰਘ ਔਲਖ ਮੋਗੇ ਤੋਂ ਜ਼ਿਲ੍ਹਾ ਪ੍ਰਧਾਨ ਸੋਹਨ ਸਿੰਘ ਨੇ ਵੀ ਇਸ ਲੱਗੀ ਹੋਈ ਖਬਰ ਦਾ ਸਖਤ ਸ਼ਬਦਾਂ ਵਿੱਚ ਖੰਡਨ ਕੀਤਾ ਅਤੇ ਕਿਹਾ ਕਿ ਜਥੇਬੰਦੀ ਨਾ ਤਾਂ ਪਹਿਲਾਂ ਭੰਗ ਕੀਤੀ ਗਈ ਸੀ ਅਤੇ ਨਾ ਹੀ ਹੁਣ ਭੰਗ ਕੀਤੀ ਗਈ ਹੈ। ਭਾਰਤੀ ਕਿਸਾਨ ਯੂਨੀਅਨ ਮਾਨਸਾ ਦੇ ਆਗੂਆਂ ਨੇ ਅੱਗੇ ਬੋਲਦਿਆਂ ਕਿਹਾ ਕੀ ਜੋ ਹਰਮੀਤ ਸਿੰਘ ਕਾਦੀਆਂ ਨੇ ਖਸਖਸ ਦੀ ਖੇਤੀ ਬਾਰੇ ਗੱਲ ਕੀਤੀ ਹੈ ਸਾਡੀ ਜਥੇਬੰਦੀ ਇਸ ਗੱਲ ਦੀ ਹਮਾਇਤ ਕਰਦੀ ਹੈ ਕਿਉਂਕਿ ਜਿਸ ਤਰ੍ਹਾਂ ਪੰਜਾਬ ਦੇ ਨੌਜਵਾਨ ਚਿੱਟਾ ਅਤੇ ਨਸ਼ੇ ਦੇ ਟੀਕੇ ਗੋਲੀਆਂ ਕੈਪਸੂਲ ਖਾ ਕੇ ਮਰ ਰਹੇ ਹਨ ਉਨ੍ਹਾਂ ਦਾ ਬਚਾ ਹੋ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ

# ਚਾਰ ਸਾਲ ਵਿੱਚ ਹੀ ਪੂਰੇ ਕਰ ਕੇ ਰਚਿਆ ਇਤਿਹਾਸ : ਬਰਿੰਦਰ ਕੁਮਾਰ ਗੋਇਲ

ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਆਪਣੇ ਵੱਲੋਂ ਦਿੱਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਹੋਣ, ਉਹ ਵੀ ਚਾਰ ਸਾਲ ਵਿੱਚ ਸਰਕਾਰ ਦਾ ਕਾਰਜਕਾਲ ਪੂਰਾ ਹੋਣ ਤੋਂ ਪਹਿਲਾਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਜਿਹਾ ਕਰ ਕੇ ਇਤਿਹਾਸ ਰਚ ਦਿੱਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ ਵਿਸ਼ੇ 'ਤੇ ਸੰਵਾਦ ਮੁਹਿੰਮ ਤਹਿਤ ਪਿੰਡ ਭਾਈ ਕੀ ਪਿਸ਼ੌਰ, ਲੇਹਲ ਕਲਾਂ, ਰਾਮਗੜ੍ਹ ਸੰਧੂਆਂ ਅਤੇ ਸੇਖੂਵਾਸ ਵਿਖੇ ਕਰਵਾਏ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਦਿਆਂ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਲਈ 10 ਲੱਖ ਰੁਪਏ ਤਕ ਦੀ ਸਿਹਤ ਗਰੰਟੀ, ਮਹਿਲਾਵਾਂ ਨੂੰ ਸਤਿਕਾਰ ਵਜੋਂ 1000 ਅਤੇ 1500 ਰੁਪਏ ਦੇਣ ਦੀ ਯੋਜਨਾ, ਸਕੂਲ ਆਫ਼ ਐਮੀਨੈਂਸ ਰਾਹੀਂ ਮਿਆਰੀ ਸਿੱਖਿਆ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਵਰਗੀਆਂ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਕਿਸਾਨਾਂ ਦੇ ਹਿੱਤਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਵਿੱਚ ਦਿਨ ਦੇ ਸਮੇਂ ਖੇਤੀ ਲਈ ਬਿਜਲੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਲਗਭਗ 80 ਫ਼ੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ, ਜਿਸ ਨਾਲ ਜ਼ਮੀਨੀ ਪਾਣੀ ਦੀ ਵਰਤੋਂ ਘਟੀ ਹੈ ਅਤੇ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਸੁਧਰ ਰਿਹਾ ਹੈ। ਪੰਜਾਬ ਦੀ ਸਿੰਚਾਈ ਪ੍ਰਣਾਲੀ ਵਿੱਚ ਹੋਏ ਕ੍ਰਾਂਤੀਕਾਰੀ ਬਦਲਾਅ ਬਾਰੇ ਗੱਲਬਾਤ ਕਰਦੇ ਹੋਏ ਸ਼੍ਰੀ ਗੋਇਲ ਨੇ ਕਿਹਾ ਕਿ ਸਾਲ 2022 ਵਿੱਚ ਨਹਿਰੀ ਸਿੰਚਾਈ ਨਾਲ ਸਿਰਫ਼ 26.50 ਫ਼ੀਸਦ ਸਿੰਚਾਈ ਕੀਤੀ ਜਾਂਦੀ ਸੀ ਜੋ ਵੱਧ ਕੇ ਅੱਜ 78 ਫ਼ੀਸਦ ਹੋ ਗਈ ਹੈ ਤੇ ਇਸ ਸਾਲ




ਝੋਨੇ ਦੀ ਲਵਾਈ ਤੋਂ ਪਹਿਲਾਂ ਪਹਿਲਾਂ ਇਹ 86 ਫ਼ੀਸਦ ਹੋ ਜਾਵੇਗੀ। 1,446 ਪਿੰਡ ਅਜਿਹੇ ਹਨ ਜਿਨ੍ਹਾਂ ਤਕ ਨਹਿਰੀ ਪਾਣੀ ਅਜ਼ਾਦੀ ਤੋਂ ਬਾਅਦ ਪਹਿਲੀ ਵਾਰ ਪਹੁੰਚਿਆ ਗਿਆ ਹੈ। ਸੂਬੇ ਦੇ ਲਗਭਗ 90 ਫ਼ੀਸਦੀ ਘਰੇਲੂ ਬਿਜਲੀ ਖਪਤਕਾਰਾਂ ਨੂੰ 600 ਯੂਨਿਟਾਂ ਤਕ ਸਬਸਿਡੀ ਦੇ ਨਾਲ ਜ਼ੀਰੋ ਬਿੱਲ ਮਿਲ ਰਹੇ ਹਨ। ਇਸ ਤੋਂ ਇਲਾਵਾ, ਸਰਕਾਰ ਵੱਲੋਂ 65,000 ਤੋਂ ਵੱਧ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 90,000 ਤੋਂ ਵੱਧ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਸੜਕਾਂ ਦੇ ਵਿਕਾਸ ਵੱਲ ਵੱਡਾ ਧਿਆਨ ਦਿੰਦਿਆਂ ਲਗਭਗ 45,000 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਨੌਜਵਾਨਾਂ ਨੂੰ ਵੱਡੇ ਪੱਧਰ ਉੱਤੇ ਖੇਡਾਂ ਨਾਲ ਜੋੜਨ ਲਈ ਸੂਬੇ ਵਿੱਚ ਵੱਡੀ ਗਿਣਤੀ ਸਟੇਡੀਅਮ ਬਣਾਏ ਜਾ ਰਹੇ ਹਨ ਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਉਪਰਾਲੇ ਵੱਡੇ ਪੱਧਰ ਉੱਤੇ ਜਾਰੀ ਹਨ। ਸ਼੍ਰੀ ਗੋਇਲ ਨੇ ਦੱਸਿਆ ਕਿ 50 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਲਈ ਮੁਫ਼ਤ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ, ਜੋ ਉਨ੍ਹਾਂ ਲਈ ਸਨਮਾਨ ਦੀ ਨਿਸ਼ਾਨੀ ਹੈ। ਇਸ ਦੇ ਨਾਲ ਹੀ ਲੋੜਵੰਦ ਪਰਿਵਾਰਾਂ ਨੂੰ 2 ਕਿਲੋ ਦਾਲ, 2 ਕਿਲੋ ਖੰਡ, 1 ਕਿਲੋ ਲੂਣ, 200 ਗ੍ਰਾਮ ਹਲਦੀ ਅਤੇ 1 ਕਿਲੋ ਸਰੋਂ ਦਾ ਤੇਲ ਮੁਹੱਈਆ ਕਰਵਾਉਣ ਦੀ ਯੋਜਨਾ ਲਿਆਂਦੀ ਗਈ ਹੈ। ਪੰਜਾਬ ਸਰਕਾਰ ਦੇ ਯਤਨਾਂ ਸਦਕਾ ਪਹਿਲਾਂ 04 ਕਰੋੜ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਕਿਨਾਰੇ ਮਜ਼ਬੂਤ ਕੀਤੇ ਗਏ ਸਨ, ਜਿਸ ਸਦਕਾ ਸਾਲ 2025 ਦੌਰਾਨ ਆਏ ਹੜ੍ਹਾਂ ਦੌਰਾਨ ਭਾਵੇਂ ਘੱਗਰ ਦਰਿਆ ਲਗਾਤਾਰ 10 ਦਿਨ ਖਤਰੇ ਦੇ ਨਿਸ਼ਾਨ ਤੋਂ ਉੱਪਰ ਚਲਦਾ ਰਿਹਾ ਪਰ ਲੋਕ ਘੱਗਰ ਦੀ ਮਾਰ ਬਚੇ ਰਹੇ ਤੇ ਹੁਣ ਘੱਗਰ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਕਰੀਬ 12.42 ਕਰੋੜ ਰੁਪਏ ਹੋਰ ਖਰਚੇ ਜਾ ਰਹੇ ਹਨ। ਇਸ ਦੇ ਨਾਲ-ਨਾਲ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਲਿਆ ਕੇ ਪੰਜਾਬ ਸਰਕਾਰ ਨੇ ਇਤਿਹਾਸਕ ਕਦਮ ਚੁੱਕਿਆ ਹੈ, ਜਿਸ ਨਾਲ ਇਸ ਖੇਤਰ ਦੇ ਲੋਕਾਂ ਨੂੰ ਕੇਵਲ ਮੈਡੀਕਲ ਸਹੂਲਤਾਂ ਹੀ ਨਹੀਂ ਮਿਲਣੀਆਂ, ਸਗੋਂ ਇਸ ਖੇਤਰ ਦੇ ਵਿਦਿਆਰਥੀਆਂ ਦਾ ਡਾਕਟਰ ਬਣਨ ਦਾ ਸੁਪਨਾ ਵੀ ਸਾਕਾਰ ਹੋਵੇਗਾ। ਪੰਜਾਬ ਸਰਕਾਰ ਵੱਲੋਂ ਪੂਰਨ ਤਰਕਸੰਗਤ ਮਾਈਨਿੰਗ ਨੀਤੀ ਲਾਗੂ ਕੀਤੀ ਗਈ ਹੈ, ਜਿਸ ਨਾਲ ਜਿੱਥੇ ਪੰਜਾਬ ਦੇ ਕੁਦਰਤੀ ਸਰੋਤਾਂ ਦੀ ਸੁਚੱਜੀ ਸੰਭਾਲ ਹੋ ਰਹੀ ਹੈ, ਉੱਥੇ ਸੂਬੇ ਨੂੰ ਆਰਥਿਕ ਲਾਭ ਵੀ ਹੋ ਰਿਹਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਹੁਣ ਜਦੋਂ ਉਹ ਪਿੰਡਾਂ ਵਿੱਚ ਜਾ ਰਹੇ ਹਨ ਤਾਂ ਲੋਕਾਂ ਦੀ ਕੋਈ ਵੱਡੀ ਮੰਗ ਹੀ ਨਹੀਂ ਰਹਿ ਗਈ ਹੈ, ਸਗੋਂ ਲੋਕ ਪੰਜਾਬ ਸਰਕਾਰ ਦਾ ਧਨਵਾਦ ਕਰ ਰਹੇ ਹਨ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।